ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7l

awazeqaumtvpunjab@gmail.com

ਵੀਰਵਾਰ, 6 ਫਰਵਰੀ 2025 (ਨਾਨਕਸ਼ਾਹੀ ਸੰਮਤ : ੫੫੬, ੨੪ ਮਾਘ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

# ਇੰਗਲੈਂਡ ਦੀਆਂ ਸਿੱਖ ਜਥੇਬੰਦੀਆਂ ਅਤੇ ਗੁਰੂ ਘਰਾਂ ਦੇ ਪ੍ਰਬੰਧਕਾਂ ਨੇ ਜਥੇਦਾਰ ਗਿਆਨੀ ਰਘਬੀਰ ਸਿੰਘ ਨਾਲ ਕੀਤੀਆਂ ਅਹਿਮ ਵਿਚਾਰਾਂ

## 2 ਦਸੰਬਰ ਨੂੰ ਲਏ ਗਏ ਫੈਸਲੇ ਲਾਗੂ ਕਰਨ ਅਤੇ 7 ਮੈਂਬਰੀ ਕਮੇਟੀ ਨੂੰ ਕੰਮ ਕਰਨ ਦੀ ਕੀਤੀ ਗਈ ਮੰਗ

## ਸ਼੍ਰੋਮਣੀ ਅਕਾਲੀ ਦਲ ਦੀ ਭਰਤੀ ਵਿਚ ਵਿਦੇਸੀ ਸਿੱਖਾਂ ਨੂੰ ਵੀ ਸ਼ਾਮਿਲ ਕਰਨ ਦੀ ਕੀਤੀ ਗਈ ਅਪੀਲ

## ਸਿੱਖ ਆਗੂਆਂ ਨੇ ਸ੍ਰੀ ਆਕਾਲ ਤਖਤ ਸਾਹਿਬ ਜੀ ਤੋਂ ਜਾਰੀ ਹੋਣ ਵਾਲੇ ਹਰੇਕ ਆਦੇਸ਼ ਦਾ ਪਾਲਣ ਕਰਨ ਦਾ ਦਿੱਤਾ ਭਰੋਸਾ





**ਬ੍ਰਮਿੰਘਮ, ਲੰਡਨ (ਇੰਗਲੈਂਡ),5 ਜਨਵਰੀ (ਰਘਵੀਰ ਸਿੰਘ ਅਵਾਜਿ ਕੌਮ ਬਿਊਰੋ )**-ਕੁਝ ਦਿਨਾਂ ਲਈ ਇੰਗਲੈਂਡ ਨਿੱਜੀ ਪਰਿਵਾਰਿਕ ਫੇਰੀ ਤੇ ਆਏ ਸ੍ਰੀ ਆਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਨਾਲ ਇੰਗਲੈਂਡ ਦੀਆਂ ਸਿੱਖ ਜਥੇਬੰਦੀਆਂ ਅਤੇ ਵੱਖ ਵੱਖ ਗੁਰੂ ਘਰਾਂ ਦੇ ਪ੍ਰਬੰਧਕਾਂ ਵੱਲੋਂ ਗੁਰਦੁਆਰਾ ਸ੍ਰੀ ਗੁਰੂ ਹਰਿਰਾਏ ਸਾਹਿਬ ਜੀ ਵੈਸਟ ਬਰਾਮਵਿਚ ਦੇ ਪ੍ਰਧਾਨ ਭਾਈ ਦਿਆ ਸਿੰਘ ਦੇ ਗ੍ਰਹਿ ਵਿਖੇ ਵਿਸ਼ੇਸ ਮੀਟਿੰਗ ਕੀਤੀ ਗਈ, ਜਿਸ ਵਿੱਚ ਵੱਡੀ ਗਿਣਤੀ ਚ ਸਿੱਖ ਆਗੂਆਂ ਨੇ ਸ਼ਿਰਕਤ ਕੀਤੀ। ਇਸ ਮੌਕੇ ਤੇ ਇੰਗਲੈਂਡ ਦੇ ਸਿੱਖ ਆਗੂਆਂ ਨੇ 2 ਦਸੰਬਰ ਨੂੰ ਸਿੰਘ ਸਾਹਿਬਾਨ ਵੱਲੋਂ ਲਏ ਗਏ ਇਤਿਹਾਸਕ ਫੈਸਲਿਆਂ ਦੀ ਸ਼ਲਾਘਾ ਕਰਦਿਆਂ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਨੂੰ ਬੇਨਤੀ ਕੀਤੀ ਕਿ 2 ਦਸੰਬਰ ਨੂੰ ਲਏ ਗਏ ਫੈਸਲੇ ਲਾਗੂ ਕਰਵਾ ਕੇ ਬਣਾਈ ਗਈ 7 ਮੈਂਬਰੀ ਕਮੇਟੀ ਨੂੰ ਕੰਮ ਕਰਨ ਦਿੱਤਾ ਜਾਵੇ। ਜਿਸ ਤੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਨੇ ਹਾਜ਼ਿਰ ਸਿੱਖ ਆਗੂਆਂ ਨੂੰ ਯਕੀਨ ਦਿਵਾਉਂਦਿਆਂ ਕਿਹਾ ਕਿ 2 ਦਸੰਬਰ ਨੂੰ ਲਏ ਗਏ ਫੈਸਲੇ ਇਨਬਿੰਨ ਲਾਗੂ ਕੀਤੇ ਜਾਣਗੇ, ਅਤੇ ਬਣਾਈਂ ਗਈ 7 ਮੈਂਬਰੀ ਕਮੇਟੀ ਬਿਨਾਂ ਕਿਸੇ ਦਖ਼ਲ ਦੇ ਆਪਣਾ ਕੰਮ ਕਰੇਗੀ।ਇਸ ਮੌਕੇ ਤੇ ਸਿੱਖ ਫੈਡਰੇਸ਼ਨ ਯੂ ਕੇ ਦੇ ਚੇਅਰਮੈਨ ਭਾਈ ਅਮਰੀਕ ਸਿੰਘ ਗਿੱਲ ਅਤੇ ਤੀਰ ਗਰੁੱਪ ਦੇ ਸਪੋਕਸਪਰਸਨ ਅਤੇ ਗੁਰਦੁਆਰਾ ਸ੍ਰੀ ਗੁਰੂ ਤੇਗਬਹਾਦਰ ਸਾਹਿਬ ਲੈਸਟਰ ਦੇ ਸਾਬਕਾ ਪ੍ਰਧਾਨ ਸ ਰਾਜਮਨਵਿੰਦਰ ਸਿੰਘ ਰਾਜਾ ਕੰਗ ਨੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਨੂੰ ਬੇਨਤੀ ਕਰਦਿਆਂ ਕਿਹਾ ਕਿ ਸ਼੍ਰੀ ਆਕਾਲ ਤਖਤ ਸਾਹਿਬ ਜੀ ਤੋਂ ਲਏ ਜਾਣ ਵਾਲੇ ਫੈਸਲਿਆਂ ਮੌਕੇ ਵਿਦੇਸੀ ਸਿੱਖਾਂ ਦੀਆਂ ਭਾਵਨਾਵਾਂ ਦਾ ਖਿਆਲ ਰੱਖਣ ਦੀ ਕਿਰਪਾਲਤਾ ਕੀਤੀ ਜਾਵੇ। ਉਕਤ ਆਗੂਆਂ ਨੇ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਨੂੰ ਯਕੀਨ ਦਿਵਾਉਂਦਿਆਂ ਕਿਹਾ ਕਿ ਸ਼੍ਰੀ ਆਕਾਲ ਤਖਤ ਸਾਹਿਬ ਜੀ ਤੋਂ ਜ਼ੋ ਵੀ ਫੈਸਲਾ ਆਉਂਦਾ ਹੈ, ਇੰਗਲੈਂਡ ਦੀਆ ਸਿੰਘ ਸੰਗਤਾਂ ਉਸ ਫੈਸਲੇ ਨਾਲ ਚਟਾਨ ਵਾਂਗ ਖੜੀਆਂ ਹਨ। ਇਸ ਮੌਕੇ ਤੇ ਉਕਤ ਆਗੂਆਂ ਨੇ ਜਥੇਦਾਰ ਸਾਹਿਬ ਨੂੰ ਬੇਨਤੀ ਕਰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਭਰਤੀ ਵਿਚ ਵਿਦੇਸੀ ਸਿੱਖਾਂ ਨੂੰ ਵੀ ਸ਼ਾਮਿਲ ਕੀਤਾ ਜਾਵੇ, ਜਿਸ ਤੇ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਨੇ ਸਪੱਸ਼ਟ ਕਰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਸੰਵਿਧਾਨ ਮੁਤਾਬਿਕ ਇਸ ਨੂੰ ਯਕੀਨੀ ਬਣਾਇਆ ਜਾਵੇਗਾ।ਇਸ ਮੌਕੇ ਤੇ ਉਕਤ ਆਗੂਆਂ ਵੱਲੋਂ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਦਾ ਵਿਸ਼ੇਸ਼ ਤੌਰ ਤੇ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਤੇ ਸਿੱਖ ਫੈਡਰੇਸ਼ਨ ਯੂ ਕੇ ਦੇ ਅਮਰੀਕ ਸਿੰਘ ਗਿੱਲ, ਕੁਲਦੀਪ ਸਿੰਘ ਚਹੇੜੂ, ਸੁਖਵੀਰ ਸਿੰਘ ਬਾਸੀ ਬਾਰਕਿੰਗ, ਭਾਈ ਹਰਦੀਸ਼ ਸਿੰਘ, ਭਾਈ ਪ੍ਰਮਜੀਤ ਸਿੰਘ ਢਾਡੀ, ਭਾਈ ਪਵਿੱਤਰ ਸਿੰਘ ਖਹਿਰਾ ਕਵੈਂਟਰੀ, ਭਾਈ ਰਘਬੀਰ ਸਿੰਘ ਬੀਰ੍ਹਾ ਪ੍ਰਧਾਨ ਗੁਰਦੁਆਰਾ ਬਾਬਾ ਸੰਗ ਜੀ ਬ੍ਰਮਿੰਘਮ, ਭਾਈ ਚਾਨਣ ਸਿੰਘ ਸਿੱਧੂ, ਭਾਈ ਦਵਿੰਦਰਜੀਤ ਸਿੰਘ ਸਿੱਧੂ, ਭਾਈ ਰਘਵੀਰ ਸਿੰਘ ਮਾਲੜੀ ਨੌਟੀਗਮ, ਭਾਈ ਗੁਰਨਾਮ ਸਿੰਘ ਨਵਾਂ ਸ਼ਹਿਰ ਪ੍ਰਧਾਨ ਗੁਰਦੁਆਰਾ ਸ੍ਰੀ ਗੁਰੂ ਤੇਗਬਹਾਦਰ ਸਾਹਿਬ ਲੈਸਟਰ, ਭਾਈ ਸੁਖਜਿੰਦਰ ਸਿੰਘ ਵਾਇਸ ਪ੍ਰਧਾਨ, ਭਾਈ ਬਲਵਿੰਦਰ ਸਿੰਘ ਚਹੇੜੂ, ਆਗਿਆਕਾਰ ਸਿੰਘ ਵਡਾਲਾ, ਜਗਜੀਤ ਸਿੰਘ ਜੀਤਾ, ਭਾਈ ਰਘਬੀਰ ਸਿੰਘ ਆਵਾਜਿ ਕੌਮ ਟੀ ਵੀ ਤੇ ਨਿਊਜ ਪੇਪਰ, ਭਾਈ ਹਰਦਿਆਲ ਸਿੰਘ ਸੰਘੇੜਾ ਸਮੇਤ ਇੰਗਲੈਂਡ ਦੇ ਵੱਖ ਵੱਖ ਸ਼ਹਿਰਾਂ ਦੇ ਗੁਰੂ ਘਰਾਂ ਗੁਰਦੁਆਰਾ ਬਾਬਾ ਸੰਗ, ਬਾਰਕਿੰਗ ਗੁਰਦੁਆਰਾ ਸਾਹਿਬ, ਸਾਊਥਹਾਲ ਗੁਰਦੁਆਰਾ ਸਾਹਿਬ ਸਮੇਤ ਵੱਖ ਵੱਖ ਗੁਰੂ ਘਰਾਂ ਦੇ ਪ੍ਰਬੰਧਕ ਸ਼ਾਮਿਲ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

(ਹੋਰ ਤਸਵੀਰਾਂ ਪੰਨਾ 2 ਅਤੇ 3 'ਤੇ)

# ਇੰਗਲੈਂਡ ਦੀਆਂ ਸਿੱਖ ਜਥੇਬੰਦੀਆਂ ਅਤੇ ਗੁਰੂ ਘਰਾਂ ਦੇ ਪ੍ਰਬੰਧਕਾਂ ਨੇ ਜਥੇਦਾਰ ਗਿਆਨੀ ਰਘਬੀਰ ਸਿੰਘ ਨਾਲ ਕੀਤੀਆਂ ਅਹਿਮ ਵਿਚਾਰਾਂ










ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਇੰਗਲੈਂਡ ਦੀਆਂ ਸਿੱਖ ਜਥੇਬੰਦੀਆਂ ਅਤੇ ਗੁਰੂ ਘਰਾਂ ਦੇ ਪ੍ਰਬੰਧਕਾਂ ਨੇ ਜਥੇਦਾਰ ਗਿਆਨੀ ਰਘਬੀਰ ਸਿੰਘ ਨਾਲ ਕੀਤੀਆਂ ਅਹਿਮ ਵਿਚਾਰਾਂ



ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 6 ਫਰਵਰੀ 2025 (ਨਾਨਕਸ਼ਾਹੀ ਸੰਮਤ : ੫੫੬, ੨੪ ਮਾਘ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਅਮਰੀਕਾ-ਮੈਕਸੀਕੋ ਸਰਹੱਦ 'ਤੇ 10,000 ਫੌਜੀਆਂ ਦੀ ਤਾਇਨਾਤੀ ਸ਼ੁਰੂ

**ਮੈਕਸੀਕੋ ਸਿਟੀ, 5 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਮੈਕਸੀਕਨ ਰਾਸ਼ਟਰਪਤੀ ਕਲਾਉਡੀਆ ਸ਼ੀਨਬੌਮ ਨੇ ਮੰਗਲਵਾਰ ਨੂੰ ਪੁਸ਼ਟੀ ਕੀਤੀ ਕਿ ਅਮਰੀਕਾ ਨਾਲ ਲੱਗਦੀ 3,200 ਕਿਲੋਮੀਟਰ ਦੀ ਸਰਹੱਦ 'ਤੇ 10,000 ਨੈਸ਼ਨਲ ਗਾਰਡ ਫੌਜੀਆਂ ਨੇ ਤਾਇਨਾਤੀ ਸ਼ੁਰੂ ਹੋ ਗਈ ਹੈ। ਇੱਥੇ ਦੱਸ ਦੇਈਏ ਕਿ ਸਰਹੱਦੀ ਸੁਰੱਖਿਆ ਨੂੰ ਮਜ਼ਬੂਤ ਕਰਨਾ, ਫੈਂਟਾਨਿਲ ਤਸਕਰੀ ਦਾ ਮੁਕਾਬਲਾ ਕਰਨ ਅਤੇ ਗੈਰ-ਕਾਨੂੰਨੀ ਪ੍ਰਵਾਸ ਨੂੰ ਰੋਕਣ ਲਈ ਉਨ੍ਹਾਂ ਦੇ ਅਮਰੀਕੀ ਹਮਰੁਤਬਾ ਡੋਨਾਲਡ ਟਰੰਪ ਨਾਲ ਇੱਕ ਦਿਨ ਪਹਿਲਾਂ ਹੋਏ ਸਮਝੌਤੇ ਦਾ ਹਿੱਸਾ ਹੈ। ਆਪਣੀ ਨਿਯਮਤ ਪ੍ਰੈਸ ਕਾਨਫਰੰਸ ਦੌਰਾਨ, ਸ਼ੀਨਬੌਮ ਨੇ ਕਿਹਾ ਕਿ ਫੌਜੀਆਂ ਨੂੰ ਘੱਟ ਸੁਰੱਖਿਆ ਚਿੰਤਾਵਾਂ ਵਾਲੇ ਖੇਤਰਾਂ ਤੋਂ ਸਰਹੱਦੀ ਖੇਤਰ ਵਿੱਚ ਮੁੜ ਤਾਇਨਾਤ ਕੀਤਾ ਜਾ ਰਿਹਾ ਹੈ। ਇਸ ਦੌਰਾਨ ਉਨ੍ਹਾਂ ਦੱਸਿਆ ਕਿ ਟਰੰਪ ਨੇ ਅਮਰੀਕਾ ਤੋਂ ਮੈਕਸੀਕੋ ਵਿੱਚ ਉੱਚ-ਸ਼ਕਤੀ ਵਾਲੇ ਹਥਿਆਰਾਂ ਦੇ ਦਾਖਲੇ ਦੀ ਜਾਂਚ ਕਰਨ ਦਾ ਵਾਅਦਾ ਕੀਤਾ ਹੈ। ਉਨ੍ਹਾਂ ਅੱਗੇ ਕਿਹਾ ਕਿ ਦੋਵਾਂ ਧਿਰਾਂ ਨੂੰ ਸਹਿਯੋਗ ਕਰਨਾ ਚਾਹੀਦਾ ਹੈ, ਤਾਂ ਜੋ ਹਥਿਆਰਾਂ ਦੀ ਤਸਕਰੀ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਘੱਟ ਜਾਵੇ।" ਸਮਝੌਤੇ ਦੇ ਹਿੱਸੇ ਵਜੋਂ, ਟਰੰਪ ਨੇ ਮੈਕਸੀਕਨ ਆਯਾਤ 'ਤੇ ਯੋਜਨਾਬੱਧ 25 ਫੀਸਦੀ ਟੈਰਿਫ ਨੂੰ ਇੱਕ ਮਹੀਨੇ ਲਈ ਮੁਅੱਤਲ ਕਰਨ ਦਾ ਐਲਾਨ ਕੀਤਾ। ਟਰੰਪ ਨੇ ਸ਼ਨੀਵਾਰ ਨੂੰ ਕੈਨੇਡਾ ਅਤੇ ਮੈਕਸੀਕੋ ਤੋਂ ਆਯਾਤ 'ਤੇ 25-ਫੀਸਦੀ ਵਾਧੂ ਟੈਰਿਫ ਲਗਾਉਣ ਲਈ ਕਾਰਜਕਾਰੀ ਆਦੇਸ਼ਾਂ 'ਤੇ ਦਸਤਖਤ ਕੀਤੇ ਸਨ। ਹਾਲਾਂਕਿ, ਸੋਮਵਾਰ ਨੂੰ ਟਰੰਪ ਨੇ ਅਗਲੇਰੀ ਗੱਲਬਾਤ ਲਈ ਦੋਵਾਂ ਦੇਸ਼ਾਂ ਨਾਲ ਆਖਰੀ ਮਿੰਟ ਦੇ ਸਮਝੌਤੇ ਤੋਂ ਬਾਅਦ ਮੈਕਸੀਕੋ ਅਤੇ ਕੈਨੇਡਾ ਵਿਰੁੱਧ ਆਪਣੇ ਟੈਰਿਫ ਨੂੰ 30 ਦਿਨਾਂ ਲਈ ਰੋਕ ਦਿੱਤਾ।

## ਭਾਰਤੀ ਦੂਤਾਵਾਸ ਵੱਲੋਂ ਡਿਪੋਰਟ ਲੋਕਾਂ ਦੀ ਲਿਸਟ ਜਾਰੀ

# ਪਰਵਾਸੀਆਂ ਨੂੰ ਲੈ ਕੇ ਅੰਮ੍ਰਿਤਸਰ ਹਵਾਈ ਅੱਡੇ 'ਤੇ ਉਤਰਿਆ ਅਮਰੀਕੀ ਜਹਾਜ਼

**ਅੰਮ੍ਰਿਤਸਰ, 5 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ਦੇ ਰਾਸ਼ਟਰਪਤੀ ਬਣਦੇ ਹੀ ਡੋਨਾਲਡ ਟਰੰਪ ਨੇ ਗੈਰ-ਕਾਨੂੰਨੀ ਤੌਰ 'ਤੇ ਰਹਿ ਰਹੇ ਲੋਕਾਂ ਵਿਰੁੱਧ ਕਾਰਵਾਈ ਕਰਨੀ ਸ਼ੁਰੂ ਕਰ ਦਿੱਤੀ ਹੈ। ਇਸ ਤਹਿਤ ਅਮਰੀਕਾ ਤੋਂ ਡਿਪੋਰਟ ਕੀਤੇ ਗਏ 104 ਭਾਰਤੀਆਂ ਨੂੰ ਲੈ ਕੇ ਜਹਾਜ਼ ਸ੍ਰੀ ਗੁਰੂ ਰਾਮਦਾਸ ਅੰਤਰਰਾਸ਼ਟਰੀ ਹਵਾਈ ਅੱਡੇ ਅੰਮ੍ਰਿਤਸਰ 'ਤੇ ਉਤਰਿਆ। ਡਿਪੋਰਟ ਕੀਤੇ ਗਏ ਪਰਵਾਸੀਆਂ ਵਿੱਚ ਬੱਚੇ ਤੇ ਔਰਤਾਂ ਵੀ ਸ਼ਾਮਲ ਹਨ। ਇਹ ਲੋਕ 35 ਤੋਂ 40 ਲੱਖ ਰੁਪਏ ਖਰਚ ਕੇ ਅਮਰੀਕਾ ਗਏ ਸੀ। ਅਮਰੀਕਾ ਵਿੱਚ ਭਾਰਤੀ ਦੂਤਾਵਾਸ ਵੱਲੋਂ ਡਿਪੋਰਟ ਕੀਤੇ ਜਾਣ ਵਾਲੇ ਭਾਰਤੀਆਂ ਦੀ ਸੂਚੀ ਵਿੱਚ ਪੰਜਾਬ, ਚੰਡੀਗੜ੍ਹ, ਹਰਿਆਣਾ, ਗੁਜਰਾਤ, ਮਹਾਰਾਸ਼ਟਰ ਤੇ ਉੱਤਰ ਪ੍ਰਦੇਸ਼ ਦੇ 104 ਭਾਰਤੀ ਨਾਗਰਿਕ ਸ਼ਾਮਲ ਹਨ। ਇਨ੍ਹਾਂ ਵਿੱਚ ਗੁਜਰਾਤ ਦੇ 33, ਪੰਜਾਬ ਦੇ 30, ਯੂਪੀ ਦੇ 3, ਹਰਿਆਣਾ ਦੇ 33, ਚੰਡੀਗੜ੍ਹ ਦੇ 2 ਤੇ ਮਹਾਰਾਸ਼ਟਰ ਦੇ 3 ਨਾਗਰਿਕ ਸ਼ਾਮਲ ਹਨ। ਡਿਰੋਪਰਟ ਕੀਤੇ ਭਾਰਤੀਆਂ ਵਿੱਚ 18 ਸਾਲ ਤੋਂ ਘੱਟ ਉਮਰ ਦੇ 12 ਬੱਚੇ ਤੇ ਲਗਪਗ 24 ਔਰਤਾਂ ਸ਼ਾਮਲ ਹਨ। ਅਮਰੀਕਾ ਤੋਂ ਡਿਪੋਰਟ ਕੀਤੇ ਗਏ ਲੋਕਾਂ ਵਿੱਚ ਜਲੰਧਰ ਦੇ ਚਾਰ ਨੌਜਵਾਨ ਸ਼ਾਮਲ ਹਨ। ਇਨ੍ਹਾਂ ਵਿੱਚ ਜਸਕਰਨ ਸਿੰਘ ਵਾਸੀ ਸਲਾਰਪੁਰ, ਪਲਵੀਰ ਸਿੰਘ ਵਾਸੀ ਜਲੰਧਰ ਛਾਉਣੀ, ਸੁਖਦੀਪ ਵਾਸੀ ਲੱਲੀਆਂ ਜਲੰਧਰ ਤੇ ਦਵਿੰਦਰਜੀਤ ਵਾਸੀ ਲਾਂਡਰਾ ਜਲੰਧਰ ਸ਼ਾਮਲ ਹਨ। ਕਪੂਰਥਲਾ ਦੇ ਛੇ ਨੌਜਵਾਨਾਂ ਦੇ ਨਾਮ ਵੀ ਇਸ ਸੂਚੀ ਵਿੱਚ ਸ਼ਾਮਲ ਹਨ। ਹਵਾਈ ਅੱਡੇ 'ਤੇ ਇਨ੍ਹਾਂ ਦੇ ਦਸਤਾਵੇਜ਼ਾਂ ਦੀ ਜਾਂਚ ਕਰਨ ਤੋਂ ਬਾਅਦ ਹੀ ਸਾਰਿਆਂ ਨੂੰ ਉਨ੍ਹਾਂ ਦੇ ਘਰ ਭੇਜਿਆ ਜਾਵੇਗਾ। ਦੱਸ ਦਈਏ ਕਿ ਅਮਰੀਕੀ ਫੌਜ ਦਾ ਇੱਕ ਫੌਜੀ ਜਹਾਜ਼ ਸੀ-17 ਅਮਰੀਕਾ ਦੇ ਸੈਨ ਐਂਟੋਨੀਓ ਤੋਂ ਪਰਵਾਸੀਆਂ ਨੂੰ ਲੈ ਕੇ ਅੰਮ੍ਰਿਤਸਰ ਹਵਾਈ ਅੱਡੇ ਪਹੁੰਚਿਆ ਹੈ। ਇਸ ਜਹਾਜ਼ ਵਿੱਚ ਕੁੱਲ 104 ਭਾਰਤੀ ਸਵਾਰ ਹਨ। ਇਨ੍ਹਾਂ ਨੂੰ ਕੁਝ ਦਿਨ ਪਹਿਲਾਂ ਹੀ ਅਮਰੀਕੀ ਪੁਲਿਸ ਨੇ ਗ੍ਰਿਫ਼ਤਾਰ ਕੀਤਾ ਸੀ। ਇਸ ਦੇ ਨਾਲ ਹੀ ਇਹ ਵੀ ਸ਼ੱਕ ਹੈ ਕਿ ਇਨ੍ਹਾਂ ਵਿੱਚ ਕਈ ਅਜਿਹੇ ਲੋਕ ਹੋ ਸਕਦੇ ਹਨ ਜਿਨ੍ਹਾਂ ਵਿਰੁੱਧ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਵਿੱਚ ਅਪਰਾਧਿਕ ਮਾਮਲੇ ਦਰਜ ਹਨ। ਅਜਿਹੀ ਸਥਿਤੀ ਵਿੱਚ ਉਨ੍ਹਾਂ ਲੋਕਾਂ ਦੀ ਪਛਾਣ ਵੀ ਕੀਤੀ ਜਾਵੇਗੀ ਤੇ ਮੌਕੇ 'ਤੇ ਹੀ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਜਾਵੇਗਾ।



## ਅਮਰੀਕਾ ਤੋਂ ਡਿਪੋਰਟ ਹੋ ਕੇ ਆਏ ਪੰਜਾਬੀਆਂ ਨਾਲ ਮਿਲੇ ਮੰਤਰੀ ਧਾਲੀਵਾਲ

**ਅੰਮ੍ਰਿਤਸਰ, 5 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ਤੋਂ ਡਿਪੋਰਟ ਹੋ ਕੇ ਆਏ 30 ਪੰਜਾਬੀਆਂ ਨਾਲ ਐੱਨ. ਆਰ. ਆਈ. ਮਾਮਲਿਆਂ ਦੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਮੁਲਾਕਾਤ ਕੀਤੀ। ਅੰਮ੍ਰਿਤਸਰ ਏਅਰਪੋਰਟ ਵਿਖੇ ਪੰਜਾਬੀਆਂ ਨਾਲ ਮੁਲਾਕਾਤ ਕਰਨ ਤੋਂ ਬਾਅਦ ਧਾਲੀਵਾਲ ਨੇ ਕਿਹਾ ਕਿ ਡਿਪੋਰਟ ਹੋ ਕੇ ਆਏ ਸਾਰੇ ਪੰਜਾਬੀ ਠੀਕ ਅਤੇ ਤੰਦਰੁਸਤ ਹਨ। ਏਅਰਪੋਰਟ ਦੇ ਅੰਦਰ ਡਿਪੋਰਟ ਹੋ ਕੇ ਆਏ ਪੰਜਾਬੀਆਂ ਦੀ ਇੰਮੀਗ੍ਰੇਸ਼ਨ ਵੱਲੋਂ ਕਾਗਜ਼ੀ ਕਾਰਵਾਈ ਕੀਤੀ ਜਾ ਰਹੀ ਹੈ। ਇਹ ਇਕ ਬਹੁਤ ਹੀ ਗੰਭੀਰ ਅਤੇ ਇੰਟਰਨੈਸ਼ਨਲ ਮੁੱਦਾ ਹੈ, ਜੋਕਿ ਭਾਰਤ ਅਤੇ ਅਮਰੀਕਾ ਵਿਚਾਲੇ ਚੱਲ ਰਿਹਾ ਹੈ। ਉਨ੍ਹਾਂ ਕੇਂਦਰ ਸਰਕਾਰ ਨੂੰ ਬੇਨਤੀ ਕਰਦੇ ਹੋਏ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਮਰੀਕਾ ਦੇ ਰਾਸ਼ਟਰਪਤੀ ਨਾਲ ਬੈਠ ਕੇ ਜੋ ਕੁਝ ਵੀ ਹੋਇਆ ਹੈ, ਜਾਂ ਫਿਰ ਅੱਗੇ ਹੋਣ ਜਾ ਰਿਹਾ ਹੈ, ਉਸ ਬਾਰੇ ਹੱਲ ਕੱਢਣ। ਉਨ੍ਹਾਂ ਕਿਹਾ ਕਿ ਨਰਿੰਦਰ ਮੋਦੀ ਕਹਿੰਦੇ ਹਨ ਕਿ ਡੋਨਾਲਡ ਟਰੰਪ ਮੇਰੇ ਮਿੱਤਰ ਹਨ ਅਤੇ ਸਤੰਬਰ 2019 ਵਿਚ ਚੋਣਾਂ ਦੌਰਾਨ ਨਰਿੰਦਰ ਮੋਦੀ ਅਮਰੀਕਾ ਵਿਚ ਟਰੰਪ ਦੇ ਹੱਕ ਲਈ ਕੰਪੇਨ ਕਰਨ ਵੀ ਗਏ ਸਨ। ਇਸ ਕਰਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਇਸ ਸਮੱਸਿਆ ਦਾ ਹੱਲ ਕੱਢਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਮੇਰੀ ਗੱਲਬਾਤ ਪੰਜਾਬੀ ਨੌਜਵਾਨਾਂ ਨਾਲ ਹੋਈ ਹੈ ਅਤੇ ਉਨ੍ਹਾਂ ਨੂੰ ਪੁੱਛਿਆ ਗਿਆ ਕਿ ਉਹ ਕਿਹੜੇ ਏਜੰਟ ਜ਼ਰੀਏ ਵਿਦੇਸ਼ ਗਏ ਸਨ ਤਾਂ ਜ਼ਿਆਦਾਤਰ ਪੰਜਾਬੀਆਂ ਦਾ ਇਹੀ ਕਹਿਣਾ ਸੀ ਕਿ ਉਹ ਦੁਬਈ ਦੇ ਏਜੰਟਾਂ ਜ਼ਰੀਏ ਉਥੇ ਗਏ ਸਨ।



## ਵਿਜੇ ਮਾਲਿਆ ਨੇ ਭਾਰਤੀ ਬੈਂਕਾਂ 'ਤੇ ਲਾਏ ਗੰਭੀਰ ਦੋਸ਼, ਹਾਈ ਕੋਰਟ 'ਚ ਦਰਜ ਕੀਤੀ ਪਟੀਸ਼ਨ






**ਨਵੀਂ ਦਿੱਲੀ, 5 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਭਗੌੜੇ ਕਾਰੋਬਾਰੀ ਵਿਜੇ ਮਾਲਿਆ ਨੇ ਬੁੱਧਵਾਰ ਨੂੰ ਕਰਨਾਟਕ ਹਾਈ ਕੋਰਟ 'ਚ ਪਟੀਸ਼ਨ ਦਾਇਰ ਕਰਕੇ ਦਾਅਵਾ ਕੀਤਾ ਹੈ ਕਿ ਬੈਂਕਾਂ ਨੇ ਕਿੰਗਫਿਸ਼ਰ ਏਅਰਲਾਈਨਜ਼ ਤੋਂ ਕਰਜ਼ੇ ਦੀ ਰਕਮ ਤੋਂ ਕਿਤੇ ਜ਼ਿਆਦਾ ਵਸੂਲੀ ਕੀਤੀ ਹੈ। ਮਾਲਿਆ ਮੁਤਾਬਕ, ਕਿੰਗਫਿਸ਼ਰ 'ਤੇ ਲਗਭਗ 6,200 ਕਰੋੜ ਰੁਪਏ ਦਾ ਕਰਜ਼ਾ ਸੀ, ਜਦੋਂ ਕਿ ਬੈਂਕਾਂ ਨੇ ਹੁਣ ਤੱਕ 7,181.50 ਕਰੋੜ ਰੁਪਏ ਤੋਂ ਵੱਧ ਦੀ ਵਸੂਲੀ ਕੀਤੀ ਹੈ। ਮਾਲਿਆ ਨੇ ਆਪਣੇ ਵਕੀਲ ਰਾਹੀਂ ਅਦਾਲਤ ਨੂੰ ਦੱਸਿਆ ਕਿ ਵਸੂਲੀ ਗਈ ਰਕਮ ਕਰਜ਼ੇ ਤੋਂ ਕਿਤੇ ਵੱਧ ਹੈ, ਜੋ ਜਾਇਜ਼ ਨਹੀਂ ਹੈ। ਉਸ ਨੇ ਇਹ ਵੀ ਕਿਹਾ ਕਿ ਕਿੰਗਫਿਸ਼ਰ ਦੇ ਵਿੱਤੀ ਸੰਕਟ ਲਈ ਇਕੱਲੇ ਉਸ ਨੂੰ ਜ਼ਿੰਮੇਵਾਰ ਠਹਿਰਾਉਣਾ ਉਚਿਤ ਨਹੀਂ ਹੈ। ਭਾਰਤੀ ਸਟੇਟ ਬੈਂਕ (ਐਸਬੀਆਈ) ਦੀ ਅਗਵਾਈ ਵਾਲੇ ਬੈਂਕਾਂ ਦੇ ਸੰਘ ਨੇ ਵਿਜੇ ਮਾਲਿਆ ਨੂੰ ਲੰਡਨ ਹਾਈ ਕੋਰਟ ਵਿੱਚ ਦੀਵਾਲੀਆ ਘੋਸ਼ਿਤ ਕੀਤਾ ਸੀ, ਜਿਸ ਨਾਲ ਉਸ ਦੀ ਜਾਇਦਾਦ ਜ਼ਬਤ ਕਰਨ ਦੀ ਇਜਾਜ਼ਤ ਦਿੱਤੀ ਗਈ ਸੀ। ਮਾਲਿਆ ਦੇ ਸ਼ੇਅਰਾਂ ਅਤੇ ਜਾਇਦਾਦਾਂ ਦੀ ਵਿਕਰੀ ਤੋਂ ਹੁਣ ਤੱਕ 7,181.50 ਕਰੋੜ ਰੁਪਏ ਦੀ ਵਸੂਲੀ ਕੀਤੀ ਜਾ ਚੁੱਕੀ ਹੈ। ਹਾਲ ਹੀ ਵਿੱਚ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਲੋਕ ਸਭਾ ਨੂੰ ਦੱਸਿਆ ਕਿ ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਦੀ ਮਦਦ ਨਾਲ ਬੈਂਕਾਂ ਨੇ ਵਿਜੇ ਮਾਲਿਆ ਦੀਆਂ ਜਾਇਦਾਦਾਂ ਦੀ ਵਿਕਰੀ ਤੋਂ 14,131.6 ਕਰੋੜ ਰੁਪਏ ਦੀ ਵਸੂਲੀ ਕੀਤੀ ਹੈ, ਜਦੋਂ ਕਿ ਕੁੱਲ ਕਰਜ਼ਾ 6,203 ਕਰੋੜ (ਵਿਆਜ ਸਮੇਤ) ਸੀ। ਮਾਲਿਆ ਦੇ ਵਿਰੁੱਧ ਭਾਰਤ ਵਿੱਚ ਕਈ ਕਾਨੂੰਨੀ ਕੇਸ ਪੈਂਡਿੰਗ ਹਨ, ਜਿਸ ਵਿੱਚ ਸੁਪਰੀਮ ਕੋਰਟ ਵਿੱਚ ਉਸ ਦੀ ਸਮਝੌਤਾ ਨਿਪਟਾਰੇ ਦੀ ਪੇਸ਼ਕਸ਼ ਅਤੇ ਆਰਥਿਕ ਅਪਰਾਧੀ ਕਾਨੂੰਨ ਦੇ ਤਹਿਤ ਮੁਕੱਦਮੇ ਸ਼ਾਮਲ ਹਨ।

## ਦਿੱਲੀ 'ਚ ਵੋਟਿੰਗ ਮੁਕੰਮਲ, ਮਸ਼ੀਨਾਂ 'ਚ ਕੈਦ ਹੋਈ 699 ਉਮੀਦਵਾਰਾਂ ਦੀ ਕਿਸਮਤ

**ਨਵੀਂ ਦਿੱਲੀ, 5 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਵਿਧਾਨ ਸਭਾ ਚੋਣਾਂ ਲਈ ਵੋਟਿੰਗ ਪੂਰੀ ਹੋ ਗਈ ਹੈ। ਰਾਜਧਾਨੀ ਦੀਆਂ ਸਾਰੀਆਂ 70 ਸੀਟਾਂ 'ਤੇ ਵੋਟਿੰਗ ਸ਼ਾਮ 6 ਵਜੇ ਤੱਕ ਜਾਰੀ ਰਹੀ। ਇਸ ਸਮੇਂ ਦੌਰਾਨ, 699 ਉਮੀਦਵਾਰਾਂ ਦੀ ਕਿਸਮਤ ਈ.ਵੀ.ਐੱਮ. 'ਚ ਕੈਦ ਹੋ ਗਈ ਹੈ। ਨਤੀਜੇ 8 ਫਰਵਰੀ ਨੂੰ ਐਲਾਨੇ ਜਾਣਗੇ। ਚੋਣ ਕਮਿਸ਼ਨ (ਈਸੀ) ਦੇ ਅੰਕੜਿਆਂ ਅਨੁਸਾਰ 5 ਵਜੇ ਤੱਕ 57.70 ਫੀਸਦੀ ਵੋਟਰਾਂ ਨੇ ਆਪਣੀ ਵੋਟ ਦਾ ਇਸਤੇਮਾਲ ਕੀਤਾ। ਦਿੱਲੀ ਵਿਧਾਨ ਸਭਾ ਚੋਣਾਂ 'ਚ ਭਾਰੀ ਵੋਟਿੰਗ ਜਾਰੀ ਹੈ। ਵੋਟਰਾਂ ਵਿਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਇਹੀ ਕਾਰਨ ਹੈ ਕਿ ਸ਼ਾਮ 5 ਵਜੇ ਤੱਕ 57.70 ਫੀਸਦੀ ਵੋਟਿੰਗ ਹੋਈ। ਮੁਸਤਫਾਬਾਦ ਸੀਟ 'ਤੇ ਸਭ ਤੋਂ ਵੱਧ 66.68 ਫੀਸਦੀ ਵੋਟਿੰਗ ਦਰਜ ਕੀਤੀ ਗਈ। ਇਹ ਅੰਕੜਾ ਚੋਣ ਕਮਿਸ਼ਨ ਵੱਲੋਂ ਜਾਰੀ ਕੀਤਾ ਗਿਆ ਹੈ। ਜਿੱਥੇ ਆਮ ਆਦਮੀ ਪਾਰਟੀ ਤੀਜੀ ਵਾਰ ਸੱਤਾ ਹਾਸਲ ਕਰਨ ਦੀ ਲੜਾਈ ਵਿੱਚ ਰੁੱਝੀ ਹੋਈ ਹੈ, ਉੱਥੇ ਹੀ ਭਾਜਪਾ ਅਤੇ ਕਾਂਗਰਸ ਵੀ ਦਿੱਲੀ ਦੇ ਤਖਤ 'ਤੇ ਕਬਜ਼ਾ ਕਰਨ ਲਈ ਜੱਦੋ-ਜਹਿਦ ਕਰ ਰਹੀਆਂ ਹਨ। ਭਾਜਪਾ 25 ਸਾਲਾਂ ਤੋਂ ਵੱਧ ਸਮੇਂ ਤੋਂ ਸੱਤਾ ਤੋਂ ਬਾਹਰ ਹੈ। ਜਦੋਂ ਕਿ ਆਮ ਆਦਮੀ ਪਾਰਟੀ ਤੋਂ ਪਹਿਲਾਂ ਕਾਂਗਰਸ 15 ਸਾਲ ਸੱਤਾ ਵਿੱਚ ਸੀ ਪਰ ਪਿਛਲੀਆਂ ਦੋ ਚੋਣਾਂ ਵਿੱਚ ਪਾਰਟੀ ਇੱਕ ਵੀ ਸੀਟ ਨਹੀਂ ਜਿੱਤ ਸਕੀ।



**ਦਿੱਲੀ ਦੇ 'ਆਪ' ਵਿਧਾਇਕ ਦਿਨੇਸ਼ ਮੋਹਨੀਆ ਖ਼ਿਲਾਫ਼ ਐਫਆਈਆਰ ਦਰਜ**-ਦਿੱਲੀ ਵਿਧਾਨ ਸਭਾ ਚੋਣਾਂ ਲਈ ਵੋਟਿੰਗ ਤੋਂ ਪਹਿਲਾਂ ਆਮ ਆਦਮੀ ਪਾਰਟੀ (ਆਪ) ਦੇ ਵਿਧਾਇਕ ਦਿਨੇਸ਼ ਮੋਹਨੀਆ ਵਿਰੁੱਧ ਮਾਮਲਾ ਦਰਜ ਕੀਤਾ ਗਿਆ ਹੈ। ਇੱਕ ਔਰਤ ਨੇ ਵਿਧਾਇਕ 'ਤੇ ਚੋਣ ਪ੍ਰਚਾਰ ਦੌਰਾਨ ਫਲਾਇੰਗ ਕਿੱਸ ਦੇਣ ਦਾ ਦੋਸ਼ ਲਗਾਇਆ ਹੈ। ਔਰਤ ਦੀ ਸ਼ਿਕਾਇਤ 'ਤੇ ਛੇੜਛਾੜ ਦੇ ਦੋਸ਼ ਵਿੱਚ ਸੰਗਮ ਵਿਹਾਰ ਪੁਲਿਸ ਸਟੇਸ਼ਨ ਵਿੱਚ ਐਫਆਈਆਰ ਦਰਜ ਕੀਤੀ ਗਈ ਹੈ। ਫਿਲਹਾਲ ਇਸ ਮਾਮਲੇ ਵਿੱਚ ਵਿਧਾਇਕ ਵੱਲੋਂ ਕੋਈ ਬਿਆਨ ਨਹੀਂ ਦਿੱਤਾ ਗਿਆ ਹੈ। ਧਿਆਨ ਦੇਣ ਯੋਗ ਹੈ ਕਿ ਦਿੱਲੀ ਵਿਧਾਨ ਸਭਾ ਦੀਆਂ 70 ਸੀਟਾਂ 'ਤੇ ਬੁੱਧਵਾਰ (5 ਫਰਵਰੀ) ਨੂੰ ਵੋਟਿੰਗ ਹੋਣੀ ਹੈ, ਪਰ ਇਸ ਤੋਂ ਪਹਿਲਾਂ ਸੰਗਮ ਵਿਹਾਰ ਦੇ ਵਿਧਾਇਕ ਦਿਨੇਸ਼ ਮੋਹਨੀਆ ਵਿਰੁੱਧ ਐਫਆਈਆਰ ਦਰਜ ਕੀਤੀ ਗਈ ਹੈ। ਸੰਗਮ ਵਿਹਾਰ ਸੀਟ ਦੱਖਣੀ ਦਿੱਲੀ ਲੋਕ ਸਭਾ ਹਲਕੇ ਦੇ 10 ਵਿਧਾਨ ਸਭਾ ਹਲਕਿਆਂ ਵਿੱਚੋਂ ਇੱਕ ਹੈ। ਦਿਨੇਸ਼ ਮੋਹਨੀਆ ਇੱਥੋਂ ਤਿੰਨ ਵਾਰ ਵਿਧਾਇਕ ਰਹੇ ਹਨ। ਇਸ ਦੇ ਨਾਲ ਹੀ ਆਮ ਆਦਮੀ ਪਾਰਟੀ ਨੇ ਮੋਹਨੀਆ ਨੂੰ ਚੌਥੀ ਵਾਰ ਟਿਕਟ ਦਿੱਤੀ ਹੈ। ਉਨ੍ਹਾਂ ਦੇ ਖਿਲਾਫ ਭਾਜਪਾ ਨੇ ਚੰਦਨ ਕੁਮਾਰ ਨੂੰ ਮੈਦਾਨ ਵਿੱਚ ਉਤਾਰਿਆ ਹੈ ਜਦੋਂ ਕਿ ਕਾਂਗਰਸ ਨੇ ਹਰਸ਼ ਚੌਧਰੀ ਨੂੰ ਮੈਦਾਨ ਵਿੱਚ ਉਤਾਰਿਆ ਹੈ।


## ਹਾਲੀ 'ਚ 19 ਇਮੀਗ੍ਰੇਸ਼ਨ ਦਫਤਰਾਂ ਨੂੰ ਲੱਗਿਆ ਤਾਲਾਂ




**ਮੋਹਾਲੀ, 5 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਇੱਕ ਪਾਸੇ ਫਰਜ਼ੀ ਤਰੀਕੇ ਨਾਲ ਵਿਦੇਸ਼ ਗਏ ਨੌਜਵਾਨਾਂ ਨੂੰ ਦੇਸ਼ ਵਾਪਸ ਭੇਜਿਆ ਜਾ ਰਿਹਾ ਹੈ। ਦੂਜੇ ਪਾਸੇ ਫਰਜ਼ੀ ਏਜੰਟ ਦੇ ਉੱਤੇ ਹੁਣ ਮੁਹਾਲੀ ਪ੍ਰਸ਼ਾਸਨ ਵੱਲੋਂ ਕਾਰਵਾਈ ਕੀਤੀ ਜਾ ਰਹੀ ਹੈ। ਮੁਹਾਲੀ ਦੇ ਏਡੀਸੀ ਵਿਜੇ ਐਸ ਤਿੜਕੇ ਦੇ ਦੱਸੇ ਮੁਤਾਬਕ ਇੱਕ ਮਹੀਨੇ ਦੇ ਅੰਦਰ 19 ਇਮੀਗ੍ਰੇਸ਼ਨ ਦਫਤਰਾਂ ਨੂੰ ਜਿੰਦਾ ਲਾ ਦਿੱਤਾ ਗਿਆ ਹੈ। ਉਨ੍ਹਾਂ ਦੇ ਲਾਈਸੈਂਸ ਰੱਦ ਕੀਤੇ ਗਏ ਹਨ ਜਦਕਿ ਇੱਕ ਸਾਲ ਦੇ ਅੰਦਰ ਬੰਦ ਹੋਏ ਇਮੀਗ੍ਰੇਸ਼ਨ ਦਫਤਰਾਂ ਦੀ ਗਿਣਤੀ 90 ਹੈ। ਏਡੀਸੀ ਮੁਹਾਲੀ ਦਾ ਕਹਿਣਾ ਹੈ ਕਿ ਜਨਵਰੀ 2024 ਤੋਂ ਲੈ ਕੇ ਹੁਣ ਤੱਕ ਕਰੀਬਨ 118 ਇਮੀਗਰੇਸ਼ਨ ਲਾਈਸੈਂਸ ਜਾਰੀ ਕੀਤੇ ਗਏ ਸਨ ਜਿਨਾਂ ਵਿੱਚੋਂ 90 ਲਾਈਸੈਂਸਾਂ ਨੂੰ ਰੱਦ ਕਰ ਦਿੱਤਾ ਗਿਆ ਹੈ, ਜਿਨ੍ਹਾਂ ਦੇ ਖਿਲਾਫ ਕਈ ਸ਼ਿਕਾਇਤਾਂ ਮਿਲਣ ਉਪਰੰਤ ਜਾਂ ਫਿਰ ਉਨ੍ਹਾਂ ਦੇ ਪੈਮਾਨੇ 'ਤੇ ਖਰੇ ਨਾ ਉਤਰਨ ਤੋਂ ਬਾਅਦ ਇਹ ਐਕਸ਼ਨ ਲਿਆ ਗਿਆ ਹੈ ਤਾਂ ਜੋ ਫਰਜ਼ੀ ਏਜੰਟਾ ਨੂੰ ਕਾਬੂ ਕੀਤਾ ਜਾ ਸਕੇ ਉਨ੍ਹਾਂ ਦਾ ਕਹਿਣਾ ਹੈ ਕਿ ਅਜਿਹੇ ਏਜੰਟਾ ਉੱਤੇ ਕਾਰਵਾਈ ਵੀ ਕੀਤੀ ਜਾ ਰਹੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਉਨ੍ਹਾਂ ਦੀਆਂ ਟੀਮਾਂ ਗਰਾਉਂਡ 'ਤੇ ਹਨ ਅਤੇ ਇਨ੍ਹਾਂ ਲੋਕਾਂ ਨੂੰ ਹੁਣ ਬਖਸ਼ਿਆ ਨਹੀਂ ਜਾਵੇਗਾ ਜੋ ਲੋਕਾਂ ਨਾਲ ਧੋਖਾ ਕਰਦੇ ਹਨ। ਏਡੀਸੀ ਮੁਹਾਲੀ ਨੇ ਲੋਕਾਂ ਨੂੰ ਵੀ ਅਪੀਲ ਕੀਤੀ ਹੈ ਕਿ ਉਹ ਚੰਗੀ ਤਰ੍ਹਾਂ ਜਾਂਚ ਪਰਖ ਕੇ ਹੀ ਇਨ੍ਹਾਂ ਏਜੰਟਾਂ ਤੱਕ ਸੰਪਰਕ ਕਰਨ।

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net




ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



## ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ


ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਤੇਰੇ ਜਨ ਪਰਉਪਕਾਰੀ ਆਏ

## ਸੇਵਾਪੰਥੀ ਅੱਡਣਸ਼ਾਹੀ ਸੰਪ੍ਰਦਾਇ ਦੇ ਭੂਸ਼ਣ ਮਹਾਂਪੁਰਸ਼ ਸਚਖੰਡਵਾਸੀ ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ ਵਾਲਿਆਂ ਦੇ

## 100 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ

## 51 ਬੇਟੀਆਂ ਦੇ ਸਮੂੰਹਿਕ ਆਨੰਦ ਕਾਰਜ



ਸਚਖੰਡਵਾਸੀ
ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ

ਮਿਤੀ - 12 ਫਰਵਰੀ 2025 ਨੂੰ ਕਰਵਾਏ ਜਾ ਰਹੇ ਹਨ।
ਸਭਾਗੀਆਂ ਬੱਚੀਆਂ ਨੂੰ ਘਰ ਵਿੱਚ ਵਰਤੋਂ ਵਿਹਾਰ ਦਾ ਸਾਜੋ ਸਮਾਨ ਦੇ ਕੇ ਸਤਿਕਾਰ ਸਹਿਤ ਵਿਦਾ ਕੀਤਾ ਜਾਵੇਗਾ।

ਸੁਭਾਗੀਆਂ ਜੋੜੀਆਂ ਦੇ ਪਰਿਵਾਰ ਇਹਨਾਂ ਨੰਬਰਾਂ ਤੇ ਸੰਪਰਕ ਕਰਨ - 7901754636, 9306060960, 8146806395, 8054055473



ਮਹੰਤ ਕਾਹਨ ਸਿੰਘ ਸੇਵਾਪੰਥੀ



ਸੰਤ ਰਣਜੀਤ ਸਿੰਘ ਸੇਵਾਪੰਥੀ

ਵਿਸ਼ੇਸ਼ ਸਹਿਯੋਗ -

**ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ**

ਚੇਅਰਮੈਨ, ਸੁੱਖ ਸੇਵਾ ਸਿਮਰਨ ਟਰਸੱਟ,
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਬੇਨਤੀ ਕਰਤਾ - ਮਹੰਤ ਕਾਹਨ ਸਿੰਘ ਜੀ ਸੇਵਾਪੰਥੀ,ਸੰਤ ਰਣਜੀਤ ਸਿੰਘ ਜੀ ਸੇਵਾਪੰਥੀ ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ ਪੰਜਾਬ

# AWAZE QAUM TOUR & TRAVEL UK &
## SINGH TRAVEL CANADA JATHA

# YATRA NANKANA SAHIB


15 ਸਾਲ ਤੋਂ ਸੰਗਤਾਂ ਦੀ ਸੇਵਾ ਕਰ ਰਹੇ ਹਾਂ – YATRA SEWA SINCE 2010

**WE WILL ALSO BE VISITING 25+ GURDWARA'S AND HISTORICAL PLACES**

## 20 FEBRUARY TO 27 FEBRUARY, 2025

UK, EUROPE, ITALY, CANADA, USA SANGAT CAN JOIN OUR JATHA WITH FAMILIES & FRIENDS






### YATRA INCLUDES:

- GURDWARA NANKANA SAHIB
- GURDWARA PATTI SAHIB
- GURDWARA TAMBU SAHIB
- GURDWARA KIARA SAHIB
- GURDWARA MALJI SAHIB
- GURDWARA BAL LILA SAHIB
- GURDWARA SACHA SAUDA
- GURDWARA RORI SAHIB
- GURDWARA PANJA SAHIB
- GURDWARA BEBE DI BER SIALKOT
- GURDWARA DERA SAHIB
- JANAM ASTHAN BEBE NANKI JI
- BHAI LALU JI DA GHAR
- JANAM ASTHAN GURU RAMDAS JI
- GURDWARA SHRI KARTARPUR SAHIB
- GURDWARA SHAHEED GANJ LAHORE
- MATA SAHIB KAUR JI JANAM ASTHAN
- DARBAR SAI MIAN MIR JI
- SHAHI QILA (SIKH FORT)
- SHOPPING AT ANARKALI BAZAR

Yatra Booking, Please contact:

## RAGHBIR SINGH

**Tel: +44 7976 210161**

### YATRA PACKAGE INCLUDES:

PAKISTAN VISA + HOTEL (TWIN SHARED) + LUXURY TRANSPORT + VEG FOOD + MINERAL WATER + TRIP YATRA PHOTO & VIDEOS + WiFi & MUCH MORE

**CANADA. +1 647-231-1600 - USA. +1 716-342-6007**

### ਜੁਝਾਰੂ ਆਂਗਣਵਾੜੀ ਵਰਕਰ ਹੈਲਪਰ ਯੂਨੀਅਨ ਪੰਜਾਬ ਦੀ

# ਡਾਇਰੈਕਟਰ ਨਾਲ ਮੀਟਿੰਗ ਕਈ ਮੰਗਾਂ 'ਤੇ ਸਹਿਮਤੀ

ਤਲਵੰਡੀ ਸਾਬੋ, 05 ਫਰਵਰੀ (ਗੁਰਜੰਟ ਸਿੰਘ ਨਥੇਹਾ)- ਅੱਜ ਜੁਝਾਰੂ ਆਂਗਣਵਾੜੀ ਵਰਕਰ ਹੈਲਪਰ ਯੂਨੀਅਨ ਦੀ ਡਾਇਰੈਕਟਰ ਮੈਡਮ ਸ੍ਰੀਮਤੀ ਸ਼ੀਨਾ ਅਗਰਵਾਲ ਨਾਲ ਮੀਟਿੰਗ ਕੀਤੀ ਗਈ ਇਸ ਮੀਟਿੰਗ ਵਿਚ ਡਿਪਟੀ ਡਾਇਰੈਕਟਰ ਸੁਮਨਦੀਪ ਕੌਰ, ਪੋਸ਼ਣ ਅਭਿਆਨ ਦੇ ਸਟੇਟ ਪ੍ਰਜੈਕਟ ਕੋਆਡੀਨੇਟਰ ਪਿਅੰਕਾ ਮੈਡਮ ਤੇ ਜਥੇਬੰਦੀ ਦੇ ਸੂਬਾ ਪ੍ਰਧਾਨ ਰੀਮਾ ਰਾਣੀ, ਵਿੱਤ ਸਕੱਤਰ ਬਲਜੀਤ ਕੌਰ, ਸਰਪ੍ਰਸਤ ਸੂਬਾ ਪਧਾਨ ਸਿੰਦਰਪਾਲ ਕੌਰ, ਜਸਵੀਰ ਕੌਰ ਆਦਿ ਸ਼ਾਮਿਲ ਹੋਏ ਜਿਸ ਵਿੱਚ ਡਾਇਰੈਕਟਰ ਮੈਡਮ ਵੱਲੋਂ ਸਾਰੀਆਂ ਮੰਗਾਂ 'ਤੇ ਸਹਿਮਤੀ ਦਿੰਦੇ ਹੋਏ ਉਹਨਾਂ ਕਿਹਾ ਕਿ ਵਰਕਰਾਂ ਹੈਲਪਰਾਂ ਦੇ ਮਾਣਭੱਤੇ ਦੇ ਵਾਧੇ ਵਾਲੀ ਫਾਇਲ ਜਲਦੀ ਤਿਆਰ ਕਰਕੇ ਮੁੱਖ ਮੰਤਰੀ ਪੰਜਾਬ ਕੋਲ ਭੇਜੀ ਜਾਵੇਗੀ। ਵਰਕਰਾਂ ਨੂੰ ਬਲਾਕ ਪੱਧਰ 'ਤੇ ਟਰੇਨਿੰਗ ਦੇਣ ਦੀ ਵੀ ਗੱਲ ਉਹਨਾਂ ਕਹੀ। ਇਸਤੋਂ ਇਲਾਵਾ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦਾ ਲੰਮੇ ਸਮੇ ਤੋਂ ਬਕਾਇਆ ਦੋ ਕਿਸ਼ਤਾਂ ਵਰਕਰਾਂ ਨੂੰ ਦਿੱਤਾ ਜਾਵੇਗਾ ਜਿਸ ਦੀ ਇੱਕ ਕਿਸ਼ਤ ਮਾਰਚ ਵਿਚ ਹੀ ਦੇ ਦਿੱਤੀ ਜਾ ਰਹੀ ਹੈ। ਪੋਸ਼ਣ ਅਭਿਆਨ ਦੇ ਕੰਮਾਂ ਨੂੰ ਸਚਾਰੂ ਰੂਪ ਵਿਚ ਹੋ ਸਕੇ ਇਸ ਲਈ ਮਹਿਕਮੇ ਵਲੋਂ ਜਲਦੀ ਵਰਕਰਾਂ ਨੂੰ ਮੋਬਾਈਲ ਫੋਨ ਵੀ ਜਲਦੀ ਦਿੱਤੇ ਜਾਣਗੇ। ਇਸ ਤੋ ਇਲਾਵਾ ਜਥੇਬੰਦੀ ਦੀਆਂ ਹੋਰ ਮੰਗਾਂ ਤੇ ਬਾਰੇ ਉਹਨਾਂ ਕਿਹਾ ਵੀ ਉਹ ਲਗਾਤਾਰ ਕੋਸ਼ਿਸ਼ ਕਰ ਰਹੇ ਹਨ ਕਿ ਵਰਕਰਾਂ ਦੇ ਸਾਰੇ ਮਸਲਿਆਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਨ, ਤਾਂ ਜੋ ਵਰਕਰਾਂ ਨੂੰ ਕੋਈ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਇਹ ਜਾਣਕਾਰੀ ਸੂਬਾ ਸਕੱਤਰ ਸਤਵੰਤ ਕੌਰ ਦੁਆਰਾ ਦਿੱਤੀ ਗਈ।



### ਅੰਮ੍ਰਿਤਸਰ ਲੈਂਡ ਹੋਇਆ ਗੈਰ ਕਾਨੂੰਨੀ ਪ੍ਰਵਾਸੀਆਂ ਨੂੰ ਲੈਕੇ ਯੂ ਐਸ ਆਰਮੀ ਦਾ ਜਹਾਜ਼

# ਹੱਥ ਕੜੀਆਂ ਲਗਾ ਕੇ ਭੇਜੇ ਸਾਰੇ ਯੂ ਐਸ ਤੋਂ : ਭਾਈ ਵਿਰਸਾ ਸਿੰਘ ਖਾਲਸਾ

**ਜੰਡਿਆਲਾ ਗੁਰੂ 5 ਫਰਵਰੀ ( ਕੁਲਵੰਤ ਸਿੰਘ ਵਿਰਦੀ)**- ਅਮਰੀਕਾ ਦੇ ਪ੍ਰਧਾਨ ਮੰਤਰੀ ਡੋਲਡ ਟ੍ਰੰਪ ਨੇ ਚੋਣਾਂ ਤੋਂ ਪਹਿਲਾਂ ਕੀਤੇ ਆਪਣੇ ਵਾਅਦੇ ਮੁਤਾਬਕ ਗੈਰ ਕਾਨੂੰਨੀ ਢੰਗ ਨਾਲ ਅਮਰੀਕਾ ਪਹੁੰਚੇ ਸਾਰੇ ਪਰਵਾਸੀਆਂ ਨੂੰ ਦੇਸ਼ ਨਿਕਾਲਾ ਦੇਣ ਦੀ ਸ਼ੁਰੂਆਤ ਕਰ ਦਿੱਤੀ ਅਤੇ ਇਸੇ ਮੁਤਾਬਕ ਅੱਜ 104 ਭਾਰਤੀਆਂ ਨਾਲ ਭਰਿਆ ਜਹਾਜ਼ ਅੰਮ੍ਰਿਤਸਰ ਦੇ ਏਅਰਪੋਰਟ ਤੇ ਪਹੁੰਚਿਆ ਅਤੇ ਇਥੇ ਇਹਨਾਂ ਸਾਰਿਆਂ ਦੀ ਪੂਰੀ ਪੁੱਛ ਗਿੱਛ ਕੀਤੀ ਜਾ ਰਹੀ ਇਸ ਵਿੱਚ 33 ਗੁਜਰਾਤ ਤੋਂ 33 ਹਰਿਆਣਾ ਤੇ ਪੰਜਾਬ ਦੇ ਸਿਰਫ਼ 30 ਦੱਸੇ ਜਾ ਰਹੇ ਹਨ, ਇਹਨਾਂ ਸਾਰਿਆਂ ਨੂੰ ਹੱਥ ਕੜੀਆਂ ਲੱਗੀਆਂ ਹੋਈਆਂ ਹਨ ਅਤੇ ਤਿੰਨ ਚਾਰ ਘੰਟੇ ਦੀ ਪੁੱਛਗਿੱਛ ਤੋਂ ਬਾਅਦ ਇਨ੍ਹਾਂ ਨੂੰ ਪੁਲਿਸ ਦੇ ਹਵਾਲੇ ਕੀਤਾ ਜਾਵੇਗਾ, ਇਹਨਾਂ ਵਿੱਚ ਪੰਜਾਬ ਤੋਂ ਅੰਮ੍ਰਿਤਸਰ, ਤਰਨਤਾਰਨ, ਲੁਧਿਆਣਾ ਐਸ ਐਸ ਨਗਰ ਮੁਹਾਲੀ, ਕਪੂਰਥਲਾ,ਜਲੰਧਰ, ਹੁਸ਼ਿਆਰਪੁਰ ਤੇ ਨਵੇਂ ਸ਼ਹਿਰ ਦੇ ਦੱਸੇ ਜਾ ਰਹੇ ਹਨ, ਇਹਨਾਂ ਸਾਰਿਆਂ ਦੇ ਰਿਸ਼ਤੇਦਾਰ ਵੀ ਪਹੁੰਚੇ ਹੋਏ ਹਨ ਪਰ ਅਜੇ ਕਿਸੇ ਨੂੰ ਮਿਲਨ ਦੀ ਅਜ਼ਾਜ਼ਤ ਨਹੀਂ, ਛੱਡਣ ਆਇਆਂ ਅਮਰੀਕੀ ਜਹਾਜ 4 ਵਜੇ ਵਾਪਸ ਭੇਜ ਦਿੱਤਾ ਜਾਵੇਗਾ, ਲੋਕਾਂ ਵੱਲੋਂ ਅਮਰੀਕਾ ਦੇ ਪ੍ਰਧਾਨ ਮੰਤਰੀ ਡੋਨਲਡ ਟ੍ਰੰਪ ਦੀ ਇਸ ਕਾਰਵਾਈ ਦੀ ਨਿੰਦਾ ਕੀਤੀ ਜਾ ਰਹੀ ਹੈ, ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਅਮਰੀਕਾ ਦੀ ਇਸ ਕਾਰਵਾਈ ਦੀ ਨਿੰਦਾ ਕਰਦੀ ਹੋਈ ਸਰਕਾਰ ਤੋਂ ਮੰਗ ਕਰਦੇ ਹਨ ਕਿ ਇਨ੍ਹਾਂ ਪ੍ਰਵਾਸੀਆਂ ਨਾਲ ਪੂਰੀ ਹਮਦਰਦੀ ਕੀਤੀ ਜਾਵੇ ਅਤੇ ਇੰਨ੍ਹਾਂ ਨੂੰ ਇਨ੍ਹਾਂ ਪ੍ਰਵਾਰਕ ਮੈਂਬਰਾਂ ਨੂੰ ਸੌਂਪ ਦਿੱਤਾ ਜਾਵੇ ਤਾਂ ਕਿ ਇਹ ਆਪਣੇ ਵਤਨ ਵਿਚ ਆਪਣੀ ਦੁਬਾਰਾ ਵਧੀਆ ਜ਼ਿੰਦਗੀ ਬਿਤਾਉਣ ਲਈ ਕੋਈ ਕਾਰੋਬਾਰ ਕਰਨ ਦੇ ਸਮਰੱਥ ਬਣ ਸਕਣ । ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਅਮਰੀਕਾ ਤੋਂ ਅੰਮ੍ਰਿਤਸਰ ਹਵਾਈ ਅੱਡੇ ਤੇ ਪਹੁੰਚੇ 104 ਗੈਰ ਕਾਨੂੰਨੀ ਪ੍ਰਵਾਸੀਆਂ ਨੂੰ ਮੁੱਖ ਰੱਖਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ ਉਹਨਾਂ ਭਾਈ ਖਾਲਸਾ ਨੇ ਗਿਆਨੀ ਕਿਹਾ ਅਮਰੀਕਾ ਦੇ ਪ੍ਰਧਾਨ ਮੰਤਰੀ ਡੋਨਲਡ ਟ੍ਰੰਪ ਨੇ ਆਪਣੇ ਵਾਸੀਆਂ ਨਾਲ ਵਾਹਦਾ ਕੀਤਾ ਸੀ ਕਿ ਉਹ ਜਿੱਤਣ ਤੋਂ ਗੈਰ ਕਾਨੂੰਨੀ ਢੰਗ ਅਮਰੀਕਾ ਵਿੱਚ ਰਹਿ ਰਹੇ ਸਾਰੇ ਭਾਰਤੀਆਂ ਨੂੰ ਦੇਸ਼ ਨਿਕਾਲਾ ਦੇ ਦੇਣਗੇ, ਭਾਈ ਖਾਲਸਾ ਨੇ ਕਿਹਾ ਟ੍ਰੰਪ ਨੇ ਆਪਣੇ ਵਾਅਦੇ ਮੁਤਾਬਕ ਅੱਜ 104 ਗੈਰ ਕਾਨੂੰਨੀ ਪ੍ਰਵਾਸੀਆਂ ਦਾ ਪਹਿਲਾਂ ਜਹਾਜ਼ ਅੰਮ੍ਰਿਤਸਰ ਹਵਾਈ ਅੱਡੇ ਤੇ ਭੇਜਿਆ ਜਿਥੇ ਵੱਡੀ ਗਿਣਤੀ ਵਿਚ ਪੰਜਾਬ ਪੁਲਿਸ, ਕਸਟਮ ਵਿਭਾਗ ਤੇ ਹੋਰ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਸਾਰੇ ਏਅਰ ਪੋਰਟ ਨੂੰ ਘੇਰਾ ਪਾ ਲਿਆ, ਭਾਈ ਖਾਲਸਾ ਨੇ ਦੱਸਿਆ ਹੁਣ ਇਕੱਲੇ ਇਕੱਲੇ ਗੈਰ ਕਾਨੂੰਨੀ ਪ੍ਰਵਾਸੀਆਂ ਦੀ ਚੈਕਿੰਗ ਕੀਤੀ ਜਾਵੇਗੀ ਤੇ ਇਹ ਵੀ ਹੋ ਸਕਦਾ ਹੈ ਕਿ ਇਹਨਾਂ ਸਾਰਿਆਂ ਨੂੰ ਗ੍ਰਿਫਤਾਰ ਕਰ ਲਿਆ ਜਾਵੇਗਾ ਭਾਈ ਖਾਲਸਾ ਨੇ ਦੱਸਿਆ ਇਹ ਸਮੇਂ ਦੀ ਕੁੱਖ ਵਿੱਚ ਹੈ ਕਿ ਦੇਸ਼ ਇਹਨਾਂ ਨਾਲ ਕੇਹੋ ਜਿਹਾ ਵਰਤਾਰਾ ਕਰਦਾ ਹੈ ਪਰ ਉਹਨਾਂ ਪੰਜਾਬੀ ਨੌਜਵਾਨਾਂ ਨੂੰ ਬਹੁਤ ਮੁਸ਼ਕਲ ਦਾ ਸਾਹਮਣਾ ਕਰਨਾ ਪਵੇਗਾ ਜੋ ਆਪਣੀਆਂ ਜ਼ਮੀਨਾਂ ਜਾਇਦਾਦਾਂ ਵੇਚ ਕੇ ਵੱਡੇ ਸੁਪਨੇ ਲੈ ਕੇ ਅਮਰੀਕਾ ਪਹੁੰਚੇ ਸਨ, ਭਾਈ ਖਾਲਸਾ ਨੇ ਕਿਹਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਅਮਰੀਕਾ ਦੇ ਪ੍ਰਧਾਨ ਮੰਤਰੀ ਡੋਨਲਡ ਟ੍ਰੰਪ ਦੀ ਇਸ ਕਾਰਵਾਈ ਦੀ ਜ਼ੋਰਦਾਰ ਸ਼ਬਦਾਂ'ਚ ਨਿੰਦਾ ਕਰਦੀ ਹੈ ਨੌਜਵਾਨਾਂ ਨੂੰ ਅਪੀਲ ਕਰਦੀ ਹੈ ਕਿ ਉਹ ਆਪਣੇ ਮੁਲਕ ਵਿਚ ਮਿਹਨਤ ਮਜ਼ਦੂਰੀ ਕਰਕੇ ਆਪਣੇ ਜੀਵਨ ਬਣਾਉਣ ਦੀ ਕੋਸ਼ਿਸ਼ ਕਰਨ ਅਤੇ ਗੈਰ ਕਾਨੂੰਨੀ ਢੰਗ ਨਾਲ ਅਮਰੀਕਾ ਜਾ ਹੋਰ ਮੁਲਕਾਂ ਵਿੱਚ ਜਾਣ ਵਾਲੀ ਆਦਤ ਨੂੰ ਬਦਲ ਲੈਣ।



### ਅਕਾਲ ਅਕੈਡਮੀ ਬੰਗੀ ਨਿਹਾਲ ਸਿੰਘ ਵਿਖੇ

# ਫਿਜੀਓਥੈਰਪੀ ਸਬੰਧੀ ਕੈਂਪ ਆਯੋਜਿਤ




ਤਲਵੰਡੀ ਸਾਬੋ, 05 ਫਰਵਰੀ (ਗੁਰਜੰਟ ਸਿੰਘ ਨਥੇਹਾ)- ਬੜੂ ਸਾਹਿਬ ਸੰਸਥਾ ਦੇ ਅਧੀਨ ਚੱਲ ਰਹੀ ਅਕਾਲ ਅਕੈਡਮੀ ਬੰਗੀ ਨਿਹਾਲ ਸਿੰਘ ਵਿਖੇ ਅਕਾਲ ਯੂਨੀਵਰਸਿਟੀ ਦੇ ਫਿਜੀਓਥੈਰਪੀ ਦੇ ਵਿਭਾਗ ਵਲੋਂ ਕੈਂਪ ਦਾ ਆਯੋਜਿਤ ਕੀਤਾ ਗਿਆ। ਇਸ ਕੈਂਪ ਦੌਰਾਨ ਮਾਹਿਰ ਫਿਜੀਓਥੈਰਪਿਸਟਾਂ ਦੀ ਟੀਮ ਵੱਲੋਂ ਵਿਦਿਆਰਥੀਆਂ ਨੂੰ ਸਰੀਰਕ ਔਕੜਾ, ਸਹੀ ਬੈਠਣ-ਚਲਣ ਦੀ ਤਕਨੀਕ ਅਤੇ ਸਰੀਰਕ ਦਰਦਾਂ ਤੋਂ ਬਚਾਅ ਬਾਰੇ ਜਾਣਕਾਰੀ ਦਿੱਤੀ ਗਈ। ਵਿਦਿਆਰਥੀਆਂ ਨੇ ਇਸ ਮੌਕੇ ਆਪਣੀਆਂ ਸਰੀਰਕ ਸਮੱਸਿਆਵਾਂ ਬਾਰੇ ਪੁੱਛ ਗਿੱਛ ਕੀਤੀ ਅਤੇ ਮਾਹਿਰਾਂ ਨੇ ਉਨ੍ਹਾਂ ਨੂੰ ਲੋੜੀਂਦੀਆਂ ਸਲਾਹਾਂ ਵੀ ਦਿੱਤੀਆਂ। ਇਸ ਕੈਂਪ ਵਿੱਚ ਲੋਕਾਂ ਨੂੰ ਸਾਰੀਆ ਸਹੂਲਤਾਂ ਮੁਫ਼ਤ ਦਿੱਤੀਆਂ ਗਈਆਂ। ਅਕਾਲ ਅਕੈਡਮੀ ਦੇ ਵਿਦਿਆਰਥੀਆਂ ਵੱਲੋਂ ਕੈਂਪ ਵਿੱਚ ਬਹੁਤ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣੀ ਤੰਦਰੁਸਤੀ ਨੂ ਬਿਹਤਰ ਬਣਾਉਣ ਲਈ ਵਾਅਦਾ ਵੀ ਕੀਤਾ। ਇਸ ਤੋਂ ਇਲਾਵਾ ਅਕਾਲ ਅਕੈਡਮੀ ਵਲੋਂ ਨਸ਼ੇ ਪ੍ਰਤੀ ਜਾਗਰੂਕ ਮੁਹਿੰਮ ਤਹਿਤ ਕੈਂਪ ਵੀ ਲਗਾਇਆ ਗਿਆ। ਇਸ ਮੌਕੇ ਅਕਾਲ ਅਕੈਡਮੀ ਬੰਗੀ ਨਿਹਾਲ ਸਿੰਘ ਦੇ ਪ੍ਰਿੰਸੀਪਲ ਸਾਹਿਬਾਨ ਭੁਪਿੰਦਰ ਕੌਰ ਵੱਲੋਂ ਸੀਨੀਅਰ ਬੱਚਿਆ ਦੇ ਮਾਪਿਆ ਨੂੰ ਬੁਲਾ ਕੇ ਉਹਨਾਂ ਨਾਲ ਗੱਲ ਬਾਤ ਕੀਤੀ ਗਈ। ਉਹਨਾਂ ਨਸ਼ਿਆਂ ਪ੍ਰਤੀ ਸੁਚੇਤ ਰੱਖਣ ਅਤੇ ਨਸ਼ਿਆ ਦੇ ਵਿਰੁਧ ਆਵਾਜ਼ ਉਠਾਉਣ ਲਈ ਪ੍ਰੇਰਿਤ ਕੀਤਾ ਗਿਆ ਅਤੇ ਉਹਨਾਂ ਨੇ ਦੱਸਿਆ ਕਿ ਇਹ ਕੈਂਪ ਵਿਦਿਆਰਥੀਆਂ ਲਈ ਬਹੁਤ ਲਾਭਦਾਇਕ ਰਿਹਾ, ਕਿਉਂਕਿ ਉਹ ਸਰੀਰਕ ਤੰਦਰੁਸਤੀ ਦੀ ਮਹੱਤਤਾ ਨੂੰ ਸਮਝਦੇ ਹੋਏ ਇਸ ਦੀ ਖਾਸ ਜਰੂਰਤ ਸੀ।

# ਮੋਦੀ ਸਰਕਾਰ ਨੇ ਪੇਸ਼ ਕੀਤੇ ਬਜਟ ਵਿੱਚ ਗਰੀਬ ਵਰਗ ਨੂੰ ਅੱਖਾਂ ਤੋਂ ਉਹਲੇ ਕੀਤਾ : ਡਾ.ਜਗਜੀਵਨ ਸਿੰਘ ਸੇਰਪੁਰ

**ਸੇਰਪੁਰ, ( ਰਣਜੀਤ ਸਿੰਘ ਪੇਧਨੀ )**-ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਕੇਂਦਰੀ ਸਰਕਾਰ ਵੱਲੋਂ ਬੀਤੇ ਦਿਨੀਂ ਜੋ ਬਜਟ ਪੇਸ਼ ਕੀਤਾ ਗਿਆ ਹੈ ਉਸ ਵਿੱਚ ਗਰੀਬ ਵਰਗ ਵਾਸਤੇ ਕੁਝ ਨਹੀਂ ਕੀਤਾ ਗਿਆ ਅਤੇ ਗਰੀਬ ਲੋਕਾਂ ਨੂੰ ਅੱਖੋਂ ਉਹਲੇ ਕਰਕੇ ਬਹੁਤ ਵੱਡਾ ਧੋਖਾ ਕੀਤਾ ਗਿਆ ਹੈ ਤੇ ਇਸ ਬਜਟ ਵਿੱਚ ਸਿਰਫ ਅਮੀਰਾਂ ਨੂੰ ਹੋਰ ਸਹੂਲਤਾਂ ਦੇ ਕੇ ਅਮੀਰ ਕੀਤਾ ਗਿਆ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਬਹੁਜਨ ਸਮਾਜ ਪਾਰਟੀ ਬਰਨਾਲਾ ਦੇ ਇੰਨਚਾਰਜ ਸਮਾਜ ਸੇਵੀ ਡਾਕਟਰ ਜਗਜੀਵਨ ਸਿੰਘ ਸ਼ੇਰਪੁਰ ਨੇ ਕੀਤਾ। ਉਹਨਾਂ ਕਿਹਾ ਕਿ ਸਰਕਾਰ ਵੱਲੋਂ ਮਜ਼ਦੂਰ ਵਰਗ ਦੀ ਦਿਹਾੜੀ ਵਿੱਚ ਕਿਸੇ ਵੀ ਪ੍ਰਕਾਰ ਦਾ ਕੋਈ ਵੀ ਵਾਧਾ ਨਹੀਂ ਕੀਤਾ ਗਿਆ ਅਤੇ ਨਾਂ ਹੀ ਮਨਰੇਗਾ ਵਿੱਚ ਕੰਮ ਕਰਨ ਵਾਲੇ ਕਾਮਿਆਂ ਦੀ ਦਿਹਾੜੀ ਵਿੱਚ ਕਿਸੇ ਵੀ ਕਿਸਮ ਦਾ ਵਾਧਾ ਕੀਤਾ ਹੈ। ਉਹਨਾਂ ਕਿਹਾ ਕਿ ਇਹ ਬਜਟ ਗਰੀਬ ਮਾਰੂ ਬਜਟ ਹੈ, ਮਜ਼ਦੂਰਾਂ ਪਾਸੋਂ 12 ਘੰਟੇ ਕੰਮ ਲਿਆ ਜਾਂਦਾ ਹੈ ਅਤੇ ਮਿਹਨਤਾਂਨਾ ਬਹੁਤ ਹੀ ਘੱਟ ਦਿੱਤਾ ਜਾਂਦਾ ਹੈ। ਭਾਰਤ ਸਰਕਾਰ ਨੂੰ ਇਸ ਪਾਸੇ ਧਿਆਨ ਦੇਣਾ ਬਹੁਤ ਹੀ ਜ਼ਰੂਰੀ ਹੈ ਅਤੇ ਕੇਂਦਰ ਸਰਕਾਰ ਵੱਲੋਂ ਗਰੀਬ ਵਰਗ ਦੇ ਲੋਕਾਂ ਦੀਆਂ ਦਿਹਾੜੀਆਂ ਵਿੱਚ ਵਾਧਾ ਕਰਨਾਂ ਚਾਹੀਦਾ ਹੈ ਤੇ ਇਨ੍ਹਾਂ ਦੀਆਂ ਦਿਹਾੜੀਆਂ ਨੂੰ ਵਧਾਉਣ ਨਾਲ ਇਨ੍ਹਾਂ ਲੋਕਾਂ ਦਾ ਜੀਵਨ ਪੱਧਰ ਉੱਚਾ ਹੋ ਸਕਦਾ ਹੈ। ਉਨਾ ਸਰਕਾਰ ਤੋਂ ਮੰਗ ਕੀਤੀ ਹੈ ਕਿ ਗਰੀਬ ਵਰਗ ਨੂੰ ਬਿਨਾਂ ਗਰੰਟੀ ਤੋਂ 5 ਲੱਖ ਤੱਕ ਦਾ ਕਰਜ਼ਾ ਦਿੱਤਾ ਜਾਵੇ।



# ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆ ਦੇ 78ਵੇਂ ਜਨਮ ਦਿਹਾੜੇ ਤੇ 12 ਫਰਵਰੀ ਨੂੰ ਸ੍ਰੀ ਫਤਿਹਗੜ ਸਾਹਿਬ ਵਿਖੇ ਸੰਗਤਾਂ ਵੱਧ ਚੜ੍ਹ ਕੇ ਸ਼ਾਮਿਲ ਹੋਣਗੀਆ - ਸਰਪੰਚ ਕਿਲਾ ਹਕੀਮਾਂ

**ਸੇਰਪੁਰ ( ਰਣਜੀਤ ਸਿੰਘ ਪੇਧਨੀ** )-ਸਿੱਖ ਕੌਮ ਦੀ ਅਜਾਦੀ ਦੇ ਮੁਜੱਸਮੇਂ, ਕੌਮੀ ਨਾਇਕ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆ ਦੇ 78ਵੇਂ ਜਨਮ ਦਿਹਾੜੇ ਦੇ ਸਬੰਧ ਵਿੱਚ ਸ੍ਰੀ ਫਤਿਹਗੜ ਸਾਹਿਬ ਵਿਖੇ 12 ਫਰਵਰੀ ਨੂੰ ਕਰਵਾਏ ਜਾ ਰਹੇ ਸਮਾਗਮਾਂ ਵਿੱਚ ਸੰਗਤਾਂ ਤੇ ਪਾਰਟੀ ਵਰਕਰਾਂ ਨੂੰ ਵੱਧ ਚੜ ਕੇ ਸਾਮਿਲ ਹੋਣ ਦੀ ਅਪੀਲ ਕਰਦਿਆ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸੀਨੀਅਰ ਆਗੂ, ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ ਨੇ ਕਿਹਾ ਕਿ ਸੰਤ ਭਿੰਡਰਾਂਵਾਲਿਆਂ ਦਾ ਮਾਰਗਦਰਸਨ ਕੌਮ ਲਈ ਪ੍ਰੇਰਨਾ ਸ੍ਰੋਤ ਹੈ ਤੇ ਕੌਮ ਦੀ ਅਜਾਦੀ ਲਈ ਸੰਘਰਸ ਨੂੰ ਜਾਰੀ ਰੱਖਣ ਲਈ ਹਰ ਪੰਥ ਦਰਦੀ ਨੂੰ ਸੰਤ ਭਿੰਡਰਾਂਵਾਲਿਆਂ ਦੇ ਇੰਨਾ ਜਨਮ ਦਿਹਾੜੇ ਦੇ ਸਮਾਗਮਾਂ ਵਿੱਚ ਸਾਮਿਲ ਹੋਣਾ ਚਾਹੀਦਾ ਹੈ ।ਉਨ੍ਹਾਂ ਕਿਹਾ ਕਿ ਪਾਰਟੀ ਸੁਪਰੀਮੋ ਸਿਮਰਨਜੀਤ ਸਿੰਘ ਮਾਨ ਦੀ ਸਰਪ੍ਰਸਤੀ ਹੇਠ ਜੋ 12 ਫਰਵਰੀ ਨੂੰ ਸੰਤ ਭਿੰਡਰਾਂਵਾਲਿਆ ਦੇ ਜਨਮ ਦਿਹਾੜੇ ਦੇ ਸਬੰਧ ਵਿੱਚ ਸ੍ਰੀ ਫਤਿਹਗੜ ਸਾਹਿਬ ਵਿਖੇ ਜੋ ਸਮਾਗਮ ਹੋ ਰਹੇ ਹਨ ਉਹ ਇਤਿਹਾਸਿਕ ਸਾਬਿਤ ਹੋਣਗੇ, ਜਿਸ ਸਮੇ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਤੇ ਹੋਰ ਸਿੱਖ ਜੱਥੇਬੰਦੀਆਂ ਤੇ ' ਆਗੂ ਸਾਮਿਲ ਹੋਣਗੇ ।ਉਨਾ ਕਿਹਾ ਕਿ ਕੌਮੀ ਦਿਹਾੜਿਆਂ ਤੇ ਅਡੋਲ ਮੀਰੀ ਪੀਰੀ ਦੀ ਸੋਚ ਦੇ ਅਧਾਰਿਤ ਪਾਰਟੀ ਵੱਲੋਂ ਸਮਾਗਮ ਕਰਵਾਏ ਜਾ ਰਹੇ ਹਨ ਤਾਂ ਜੋ ਸੰਗਤਾਂ ਵਿੱਚ ਕੌਮੀ ਅਜਾਦੀ ਦੇ ਸੰਘਰਸ ਨੂੰ ਲੈ ਕੇ ਆਰੰਭੇ ਸੰਘਰਸ ਸਬੰਧੀ ਜਾਗੁਰਿਕਤਾ ਪੈਦਾ ਕੀਤੀ ਜਾ ਸਕੇ ।ਉਨਾ ਕਿਹਾ ਕਿ ਅਕਾਲੀ ਦਲ (ਅ) ਪਾਰਟੀ ਸਿੱਖ ਕੌਮ ਦੀ ਅਜਾਦੀ ਤੇ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆ ਦੀ ਸੋਚ ਨੂੰ ਘਰ ਘਰ ਪਹਚਾਉਣ ਲਈ ਯਤਨਸੀਲ ਹੈ।



# ਆਮ ਆਦਮੀ ਪਾਰਟੀ ਦਿੱਲੀ ਵਿਧਾਨ ਸਭਾ ਚੋਣਾਂ 'ਚ ਸ਼ਾਨਦਾਰ ਜਿੱਤ ਦਰਜ ਕਰੇਗੀ : ਜੱਸੀ ਸੇਖੋਂ

ਚੰਡੀਗੜ੍ਹ ( ਰਣਜੀਤ ਸਿੰਘ ਪੇਧਨੀ ) ਆਮ ਆਦਮੀ ਪਾਰਟੀ ਪੰਜਾਬ ਦੇ ਸੀਨੀਅਰ ਆਗੂ ਉੱਘੇ ਸਮਾਜ ਸੇਵੀ ਸ, ਜਸਵੀਰ ਸਿੰਘ ਜੱਸੀ ਸੇਖੋਂ ਨੇ ਦਿੱਲੀ ਤੋਂ ਚੋਣ ਪ੍ਰਚਾਰ ਕਰਕੇ ਵਾਪਸ ਪਰਤਦਿਆਂ ਪ੍ਰੈਸ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜੋ ਪਿਆਰ ਦਿੱਲੀ ਵਾਸੀਆ ਨੇ ਉਨਾਂ ਨੂੰ ਦਿੱਤਾ ਹੈ ਉਸ ਨੂੰ ਭੁਲਾਇਆ ਨਹੀ ਜਾ ਸਕਦਾ। ਉਨਾਂ ਕਿਹਾ ਕਿ ਦਿੱਲੀ ਦੇ ਲੋਕ ਮਨ ਬਣਾ ਕੇ ਬੈਠੇ ਹਨ ਕਿ ਉਹ ਐਤਕੀ ਚੌਥੀ ਵਾਰ ਵੀ ਆਮ ਆਦਮੀ ਪਾਰਟੀ ਦੀ ਸਰਕਾਰ ਹੀ ਬਣਾਉਣਗੇ। ਦਿੱਲੀ ਦੇ ਲੋਕ ਐਤਕੀ ਵੀ ਸ੍ਰੀ ਅਰਵਿੰਦਰ ਕੇਜ਼ਰੀਵਾਲ ਨੂੰ ਹੀ ਮੁੱਖ ਮੰਤਰੀ ਦੇਖਣਾ ਚਾਹੁੰਦੇ ਹਨ। ਦਿੱਲੀ ਵਿਚ ਆਮ ਆਦਮੀ ਪਾਰਟੀ ਨੇ ਆਪਣੇ ਕੀਤੇ ਵਾਅਦਿਆ ਤੋਂ ਵੀ ਵੱਧ ਵਿਕਾਸ ਤੇ ਲੋਕਾਂ ਨੂੰ ਸੁਵਿਧਾਵਾਂ ਦੇ ਕੇ ਦੁਨੀਆ ਵਿੱਚ ਇਕ ਵਿਲੱਖਣ ਮਿਸਾਲ ਪੈਦਾ ਕੀਤੀ ਹੈ। ਪਰ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਹਰ ਹੀਲਾ ਵਸੀਲਾ ਵਰਤ ਕੇ ਅਰਵਿੰਦ ਕੇਜ਼ਰੀਵਾਲ ਤੇ ਹੋਰ ਮੰਤਰੀਆਂ ਨੂੰ ਬਦਨਾਮ ਕਰਨ ਦੀ ਪੂਰੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਪਰ ਦਿੱਲੀ ਦੇ ਲੋਕ ਬੜੇ ਸੁਝਵਾਨ ਹਨ ਤੇ ਝੂਠੇ ਵਾਅਦੇ ਕਰਨ ਵਾਲੀਆ ਇਨਾਂ ਮੌਕਾ ਪ੍ਰਸਤ ਸਿਆਸੀ ਪਾਰਟੀਆਂ ਨੂੰ ਬੁਰੀ ਤਰਾ ਨਕਾਰ ਕੇ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਵੱਡਾ ਫਤਵਾ ਜਾਰੀ ਕਰਨਗੇ।



# ਉੱਪ ਜਿਲ੍ਹਾ ਸਿੱਖਿਆ ਅ.ਫਸਰ ਨੇ ਪ੍ਰਾਇਮਰੀ ਅਧਿਆਪਕਾਂ ਦੀ ਟ੍ਰੇਨਿੰਗ ਦਾ ਕੀਤਾ ਦੌਰਾ

**ਹੁਸ਼ਿਆਰਪੁਰ, 5 ਫਰਵਰੀ (ਆਵਾਜ਼ਿ ਕੌਮ ਬਿਊਰੋ)**- ਉੱਪ ਜਿਲ੍ਹਾ ਸਿੱਖਿਆ ਅਫ਼ਸਰ (ਐਲੀਮੈਂਟਰੀ ਸਿੱਖਿਆ) ਸੁੱਖਵਿੰਦਰ ਸਿੰਘ ਨੇ ਹਾਲ ਹੀ ਵਿੱਚ ਬਲਾਕ ਲਾਚੋਵਾਲ, ਕੰਗਮਾਈ ਅਤੇ ਮਸਤੀਵਾਲ ਵਿਖੇ ਚੱਲ ਰਹੀ ਪ੍ਰਾਇਮਰੀ ਸਕੂਲਾਂ ਦੇ ਅਧਿਆਪਕਾਂ ਦੀ ਟ੍ਰੇਨਿੰਗ ਦਾ ਦੌਰਾ ਕੀਤਾ। ਦੌਰੇ ਦੌਰਾਨ ਉਨ੍ਹਾਂ ਟ੍ਰੇਨਿੰਗ ਪ੍ਰਕਿਰਿਆ ਦਾ ਧਿਆਨਪੂਰਵਕ ਜਾਇਜ਼ਾ ਲਿਆ ਅਤੇ ਅਧਿਆਪਕਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਸਿੱਖਣ-ਸਿਖਾਉਣ ਦੀਆਂ ਨਵੀਆਂ ਤਕਨੀਕਾਂ ਨੂੰ ਅਪਨਾਉਣ ਦੀ ਪੇਸ਼ਕਸ਼ ਕੀਤੀ ਸੁੱਖਵਿੰਦਰ ਸਿੰਘ ਨੇ ਅਧਿਆਪਕਾਂ ਨੂੰ ਸਮੇਂ ਦੇ ਮਹੱਤਵ ਬਾਰੇ ਜਾਗਰੂਕ ਕਰਦਿਆਂ ਕਿਹਾ ਕਿ ਆਧੁਨਿਕ ਯੁੱਗ ਵਿੱਚ ਗੁਣਵੱਤਾਪੂਰਕ ਸਿੱਖਿਆ ਦੇਣ ਲਈ ਨਵੀਂ ਤਕਨੀਕਾਂ ਨੂੰ ਅਪਣਾਉਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਦੱਸਿਆ ਕਿ ਅਧਿਆਪਕ ਸਿੱਖਣ-ਸਿਖਾਉਣ ਦੀ ਪ੍ਰਕਿਰਿਆ ਨੂੰ ਹੋਰ ਵੀ ਦਿਲਚਸਪ ਅਤੇ ਪ੍ਰਭਾਵਸ਼ਾਲੀ ਬਣਾ ਸਕਦੇ ਹਨ ਜੇਕਰ ਉਹ ਨਵੀਂ ਸਿੱਖਣ ਪ੍ਰੀਕਿਰਿਆ ਅਤੇ ਤਕਨੀਕੀ ਔਜ਼ਾਰਾਂ ਦੀ ਵਰਤੋਂ ਕਰਨ। ਉਨ੍ਹਾਂ ਅਧਿਆਪਕਾਂ ਨੂੰ ਪ੍ਰੇਰਿਤ ਕੀਤਾ ਕਿ ਉਹ ਟ੍ਰੇਨਿੰਗ ਦੌਰਾਨ ਸਿੱਖ ਰਹੀਆਂ ਵਿਧੀਆਂ ਨੂੰ ਆਪਣੇ ਸਕੂਲਾਂ ਵਿੱਚ ਲਾਗੂ ਕਰਨ ਅਤੇ ਵਿਦਿਆਰਥੀਆਂ ਦੀ ਭਾਗੀਦਾਰੀ ਨੂੰ ਵਧਾਉਣ 'ਤੇ ਧਿਆਨ ਦੇਣ। ਇਸ ਦੌਰੇ ਨਾਲ ਅਧਿਆਪਕਾਂ ਵਿੱਚ ਨਵੀਨਤਮ ਵਿਧੀਆਂ ਅਪਣਾਉਣ ਦੀ ਪ੍ਰੇਰਨਾ ਮਿਲੀ ਅਤੇ ਉਹ ਆਪਣੀਆਂ ਸਿੱਖਣ ਯੋਗਤਾਵਾਂ ਨੂੰ ਹੋਰ ਵੀ ਮਜ਼ਬੂਤ ਬਣਾਉਣ ਲਈ ਉਤਸ਼ਾਹਿਤ ਹੋਏ।




# ਸ਼ਹੀਦ ਬਾਬਾ ਬੀਰ ਸਿੰਘ ਜੀ ਰੰਘਰੇਟਾ ਦੇ 260 ਵੇਂ ਸ਼ਹੀਦੀ ਸਮਾਗਮ ਨੂੰ ਸਮਰਪਿਤ ਵਿਰਸਾ ਸੰਭਾਲ ਸ਼ਾਨਦਾਰ ਨਗਰ ਕੀਰਤਨ ਸਜਾਇਆ ਗਿਆ : ਜਥੇਦਾਰ ਬਾਬਾ ਮੇਜਰ ਸਿੰਘ ਸੋਢੀ

ਜੰਡਿਆਲਾ ਗੁਰੂ 5 ਫਰਵਰੀ ( ਕੁਲਵੰਤ ਸਿੰਘ ਵਿਰਦੀ) ਦਸਮੇਸ਼ ਤਰਨਦਲ ਦੇ ਮੁੱਖੀ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਸਾਹਿਬ ਜੀ ਦੀ ਦੇਖ ਰੇਖ ਅਤੇ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਰਪ੍ਰਸਤੀ ਹੇਠ ਅਤੇ ਪੰਜਾਂ ਪਿਆਰਿਆਂ ਦੀ ਅਗਵਾਈ ਵਿੱਚ ਗੁਰਦੁਆਰਾ ਬਾਬਾ ਬੀਰ ਸਿੰਘ,ਬਾਬਾ ਧੀਰ ਸਿੰਘ ਛਾਉਣੀ ਨਿਹੰਗ ਸਿੰਘਾਂ ਚਾਟੀ ਲੇਹਲ ਮਹਿਤਾ ਰੋਡ ਅੰਮ੍ਰਿਤਸਰ ਵਿਖੇ ਸ਼ਹੀਦ ਬਾਬਾ ਬੀਰ ਸਿੰਘ ਰੰਘਰੇਟਾ ਦਾ 260 ਵਾਂ ਸ਼ਹੀਦੀ ਦਿਹਾੜਾ ਬਹੁਤ ਹੀ ਸ਼ਰਧਾ ਭਾਵਨਾਵਾਂ ਤੇ ਉਤਸ਼ਾਹ ਨਾਲ 7 ਫਰਵਰੀ ਨੂੰ ਅਖੰਡ ਪਾਠਾਂ ਦੇ ਭੋਗ ਪਾਉਣ ਤੋਂ ਉਪਰੰਤ ਮਨਾਇਆ ਜਾਵੇਗਾ ਤੇ ਇਸ ਸਬੰਧੀ ਲੜੀਵਾਰ ਅਖੰਡ ਪਾਠ ਸਾਹਿਬ ਆਰੰਭ ਕਰ ਦਿੱਤੇ ਗਏ ਨੇ, ਜਦੋਂ ਕਿ ਸਮਾਗਮ ਸਬੰਧੀ ਪ੍ਰੋਗਰਾਮ ਹਫਤੋ ਤੋਂ ਜਾਰੀ ਹਨ ਅਤੇ ਇਸੇ ਕੜੀ ਤਹਿਤ ਅੱਜ ਸ਼ਾਨਦਾਰ ਨਗਰ ਕੀਰਤਨ ਸਜਾਇਆ ਗਿਆ ਜਦੋਂ ਕਿ ਅਜਿਹਾ ਨਗਰ ਕੀਰਤਨ ਬੀਤੇ ਕੱਲ੍ਹ 4 ਫਰਵਰੀ ਨੂੰ ਵੀ ਸਜਾਇਆ ਗਿਆ ਸੀ ਸਮਾਗਮ 7 ਫਰਵਰੀ ਨੂੰ ਕਰਵਾਇਆ ਜਾ ਰਿਹਾ ਹੈ, ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ ਉਹਨਾਂ ਭਾਈ ਖਾਲਸਾ ਨੇ ਦੱਸਿਆ ਸ਼ਹੀਦੀ ਸਮਾਗਮ ਦੇ ਮੁੱਖ ਪ੍ਰਬੰਧਕ ਅਤੇ ਦਸਮੇਸ਼ ਤਰਨਦਲ ਦੇ ਮੁੱਖੀ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਸਾਹਿਬ ਜੀ ਦੀ ਅਗਵਾਈ ਹੇਠ ਹਰ ਸਾਲ ਸ਼ਹੀਦ ਬਾਬਾ ਬੀਰ ਸਿੰਘ ਰੰਘਰੇਟਾ ਜੀ ਦਾ ਸ਼ਹੀਦੀ ਦਿਹਾੜਾ ਵੱਡੀ ਪੱਧਰ ਤੇ ਮਨਾ ਕੇ ਉਨ੍ਹਾਂ ਦੀ ਯਾਦ ਨੂੰ ਤਾਜ਼ਾ ਕਰਦਿਆਂ ਵੱਡੇ ਵੱਡੇ ਧਾਰਮਿਕ ਸਮਾਗਮ ਕਰਵਾਏ ਜਾਂਦੇ ਹਨ ਭਾਈ ਖਾਲਸਾ ਨੇ ਦੱਸਿਆ ਇਸੇ ਕੜੀ ਨੂੰ ਅੱਗੇ ਤੋਰਦਿਆਂ ਇਸ ਸਾਲ ਸ਼ਹੀਦ ਬਾਬਾ ਬੀਰ ਸਿੰਘ ਜੀ ਰੰਘਰੇਟਾ ਦਾ 260 ਵਾਂ ਸ਼ਹੀਦੀ ਦਿਹਾੜਾ ਮਨਾਉਣ ਸਬੰਧੀ ਜਿਥੇ ਅੱਜ ਸਮਾਗਮ ਦੀ ਅਰੰਭਤਾ ਗੁਰਦੁਆਰਾ ਸਾਹਿਬ ਵਿਖੇ ਅਖੰਡ ਪਾਠ ਸਾਹਿਬ ਆਰੰਭ ਹੋਣ ਤੋਂ ਬਾਅਦ ਹੋਈ ਉਥੇ ਇੱਕ ਵਿਸ਼ਾਲ ਨਗਰ ਕੀਰਤਨ ਪੰਜ ਪਿਆਰਿਆਂ ਦੀ ਅਗਵਾਈ ਤੇ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰਹਿਨੁਮਾਈ ਹੇਠ ਸਜਾਇਆ ਗਿਆ ਜੋਂ ਗੁਰਦੁਆਰਾ ਸਾਹਿਬ ਤੋਂ ਰਵਾਨਾ ਹੋ ਕੇ ਚਾਟੀਵਿੰਡ ਲੇਹਲ, ਮੁਕੰਦਪੁਰ,ਭੋਲੋਵਾਲ,ਖਜਾਲਾ ਤਰਸਿੱਕਾ ਡੇਹਰੀਵਾਲ ਯੋਧਾਂ ਨਗਰੀ ਜੱਬੋਵਾਲ ਸ਼ਾਹਪੁਰ, ਦਸਮੇਸ਼ ਨਗਰ ਢੁਪੱਈਆ ਅਕਾਲ ਗੜ੍ਹ ਰਸੂਲ ਪੁਰ ਮੀਆ ਚੱਕ ਤੋਂ ਵਾਪਸ ਗੁਰਦੁਆਰਾ ਬਾਬਾ ਬੀਰ ਸਿੰਘ ਛਾਉਣੀ ਨਿਹੰਗ ਸਿੰਘਾਂ ਪਿੰਡ ਚਾਟੀ ਵਿੰਡ ਲੇਹਲ ਮਾਂਗਾ ਸਰਾਏ ਮਹਿਤਾ ਰੋਡ ਅੰਮ੍ਰਿਤਸਰ ਪਹੁੰਚਿਆ ਜਿਥੇ ਗੁਰੂ ਸਾਹਿਬ ਜੀ ਦੇ ਸ਼ੁਕਰਾਨੇ ਦੀ ਅਰਦਾਸ ਕੀਤੀ ਗਈ ਤੇ ਨਗਰ ਕੀਰਤਨ ਦੇ ਸੇਵਾਦਾਰਾਂ ਸਨਮਾਨ ਕੀਤਾ ਗਿਆ, ਭਾਈ ਖਾਲਸਾ ਨੇ ਦੱਸਿਆ ਇਸ ਨਗਰ ਕੀਰਤਨ ਦੀ ਵੱਖ ਵੱਖ ਪਿੰਡਾਂ ਤੇ ਸ਼ਹਿਰਾਂ ਕਸਬਿਆਂ ਦੀਆਂ ਸੰਗਤਾਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ, ਭਾਈ ਖਾਲਸਾ ਨੇ ਸ਼ਰਧਾਲੂਆਂ ਵੱਲੋਂ ਗੁਰੂ ਸਾਹਿਬ ਜੀ ਨੂੰ ਰੁਮਾਲੇ ਸਾਹਿਬ ਤੇ ਪੰਜ ਪਿਆਰਿਆਂ ਸਾਹਿਬਾਨਾਂ ਨੂੰ ਸੀਰੀ ਪਾਓ ਬਖਸ਼ਿਸ਼ ਕੀਤੇ ਗਏ ਅਤੇ ਨਗਰ ਕੀਰਤਨ ਵਿੱਚ ਸ਼ਾਮਲ ਸੰਗਤਾਂ ਦੀ ਸੇਵਾ ਲਈ ਚਾਹ ਪਕੌੜੇ ਬਿਸਕੁਟ ਫਲ ਅਤੇ ਮਠਿਆਈਆਂ ਆਦਿ ਲੰਗਰ ਲਾਏ ਗਏ, ਗੁਰੂ ਸਾਹਿਬ ਜੀ ਤੇ ਪੰਜ ਪਿਆਰਿਆਂ ਦਾ ਸਨਮਾਨ ਕਰਨ ਵਾਲਿਆਂ ਦਾ ਨਗਰ ਕੀਰਤਨ ਦੇ ਪ੍ਰਬੰਧਕਾਂ ਵੱਲੋਂ ਸਨਮਾਨ ਕੀਤਾ ਗਿਆ ਹੈ, ਭਾਈ ਖਾਲਸਾ ਨੇ ਦੱਸਿਆ ਇਸ ਮੌਕੇ ਤੇ ਪੰਥ ਦੇ ਨਾਮਵਰ ਰਾਗੀ ਢਾਡੀ ਕਵੀਸ਼ਰ ਪ੍ਰਚਾਰਕਾਂ ਤੇ ਹਾਜ਼ਰੀ ਲਵਾਈ ਤੇ ਸੰਗਤਾਂ ਨੂੰ ਗੁਰਬਾਣੀ ਸ਼ਬਦ ਕੀਰਤਨ ਰਾਹੀਂ ਨਿਹਾਲ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV



ਇਸ ਮੌਕੇ ਤੇ ਬੋਲਦਿਆਂ ਨਗਰ ਕੀਰਤਨ ਦੇ ਮੁੱਖ ਪ੍ਰਬੰਧਕ ਅਤੇ ਰੰਘਰੇਟਾ ਕੌਮ ਦੀ ਅਵਾਜ਼ ਸਿੰਘ ਸਾਹਿਬ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਸਾਹਿਬ ਜੀ ਨੇ ਸਮੂਹ ਨਗਰ ਕੀਰਤਨ ਵਿੱਚ ਸ਼ਾਮਲ ਸੰਗਤਾਂ ਧੰਨਵਾਦ ਕੀਤਾ ਅਤੇ ਬੇਨਤੀ ਕੀਤੀ ਕਿ 7 ਫਰਵਰੀ ਨੂੰ ਸ਼ਹੀਦ ਬਾਬਾ ਬੀਰ ਸਿੰਘ ਰੰਘਰੇਟਾ ਦੇ 260 ਵੇਂ ਸਲਾਨਾ ਸ਼ਹੀਦੀ ਸਮਾਗਮ ਦੇ ਧਾਰਮਿਕ ਦੀਵਾਨ ਵਿਚ ਸ਼ਾਮਿਲ ਹੋ ਕੇ ਆਪਣੇ ਮਨੁੱਖੀ ਜੀਵਨ ਨੂੰ ਸਫ਼ਲ ਬਣਾਉਣ ਦੀ ਬੇਨਤੀ ਕੀਤੀ ਅਤੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ।

ਕੁਰੰਗਾਂਵਾਲੀ ਸਿਰਸਾ ਸਲਾਨਾ ਮੇਲੇ ਤੇ ਨੌਜਵਾਨਾਂ ਵੱਲੋਂ ਲਗਾਏ ਕੈਂਪ ਦਾ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਕੀਤਾ ਉਦਘਾਟਨ











ਆਵਾਜ਼ਿ ਕੌਮ AWAZE QAUM International Newspaper & WEB TV



ਕੁਰੰਗਾਂਵਾਲੀ ਸਿਰਸਾ ਸਲਾਨਾ ਮੇਲੇ ਤੇ ਨੌਜਵਾਨਾਂ ਵੱਲੋਂ ਅੱਖਾਂ ਦਾ ਅਤੇ ਖੂਨ ਦਾਨ ਦਾ ਕੈਂਪ ਲਗਾਇਆ ਗਿਆ ਜਿਸ ਦਾ ਅੱਜ ਉਦਘਾਟਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਆਪਣੇ ਕਰ ਕਮਲਾਂ ਨਾਲ ਕੀਤਾ ਇਸ ਸਮੇਂ ਨੌਜਵਾਨਾਂ ਤੋਂ ਇਲਾਵਾ ਸਰਪੰਚ ਗੰਡਾ ਸਿੰਘ ਕੁਰੰਗਾਂਵਾਲੀ ਅਤੇ ਸਰਪੰਚ ਗੁਰਮੀਤ ਸਿੰਘ ਚਕੇਰੀਆਂ ਨੇ ਜਥੇਦਾਰ ਦਾਦੂਵਾਲ ਜੀ ਨੂੰ ਸਨਮਾਨਿਤ ਕੀਤਾ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

# ਧੂਰੀ ਦੀਆਂ ਮੰਗਾਂ 'ਤੇ ਮੁਸ਼ਕਲਾਂ ਲਈ 'ਧੂਰੀ ਵਿਕਾਸ ਮੰਚ' ਦਾ ਗਠਨ


## ਸ਼ਹਿਰ ਦੇ ਹਰ ਵਾਰਡ ਅਤੇ ਹਰ ਪਿੰਡ ਵਿੱਚੋਂ ਵਲੰਟੀਅਰ ਕੀਤੇ ਜਾਣਗੇ ਸ਼ਾਮਲ - ਜੱਗੀ ਢੀਂਡਸਾ



**ਧੂਰੀ ( ਰਣਜੀਤ ਸਿੰਘ ਪੇਧਨੀ)**- ਇਲਾਕੇ ਦੇ ਵੱਖ ਵੱਖ ਖੇਤਰਾਂ ਨਾਲ ਸਬੰਧਤ ਵਿਅਕਤੀਆਂ ਵੱਲੋਂ ਧੂਰੀ ਹਲਕੇ ਦੀਆਂ ਮੰਗਾਂ ਅਤੇ ਮੁਸ਼ਕਲਾਂ ਦੇ ਸਮਾਂਬੱਧ ਹੱਲ ਲਈ 'ਧੂਰੀ ਵਿਕਾਸ ਮੰਚ' ਦਾ ਗਠਨ ਕੀਤਾ ਗਿਆ ਹੈ। ਸੰਸਥਾਂ ਦੇ ਸਕੱਤਰ ਜਨਰਲ ਅਤੇ ਵਪਾਰੀ ਆਗੂ ਹੰਸ ਰਾਜ ਬਜਾਜ ਨੇ ਜੱਥੇਬੰਦਕ ਢਾਂਚੇ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਗੈਰ ਰਾਜਨੀਤਿਕ ਸੰਸਥਾਂ ਦੇ ਕੀਤੇ ਗਏ ਗਠਨ ਵਿੱਚ ਨਾਮਵਰ ਵੀਜਾ ਕੰਸਲਟੈਂਟ ਜਗਸੀਰ ਸਿੰਘ ਜੱਗੀ ਢੀਂਡਸਾ ਨੂੰ ਚੇਅਰਮੈਨ, ਐਡਵੋਕੇਟ ਰਾਜੇਸ਼ਵਰ ਚੌਧਰੀ ਨੂੰ ਉੱਪ ਚੇਅਰਮੈਨ, ਅਮਨ ਗਰਗ ਪ੍ਰਧਾਨ, ਵਿਕਾਸ ਜੈਨ ਮੀਤ ਪ੍ਰਧਾਨ, ਸੁਰਿੰਦਰਪਾਲ ਸਿੰਘ ਨੀਟਾ ਵਿੱਤ ਸਕੱਤਰ, ਮਨੋਹਰ ਸਿੰਘ ਸੱਗੂ ਮੀਡੀਆ ਸਕੱਤਰ, ਅਭਿਨਵ ਗੋਇਲ ਸਕੱਤਰ ਅਤੇ ਮੋਹਿਤ ਜਿੰਦਲ, ਵਿਨੋਦ ਕੁਮਾਰ ਮੋਦੀ ਨੂੰ ਕਾਰਜਕਾਰੀ ਮੈਂਬਰ ਨਾਮਜਦ ਕੀਤਾ ਗਿਆ ਹੈ। ਚੇਅਰਮੈਨ ਜਗਸੀਰ ਸਿੰਘ ਜੱਗੀ ਢੀਂਡਸਾ ਨੇ ਸੰਸਥਾਂ ਦੇ ਗਠਨ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਸੰਸਥਾਂ ਵੱਲੋਂ 'ਨਾ ਵਿਰੋਧ, ਨਾ ਚੌਧਰ ਤੇ ਨਾ ਵੈਰ ਦੇ ਲਈ - ਤੁਰੇ ਹਾਂ ਧੂਰੀ ਤੇਰੀ ਖ਼ੈਰ ਦੇ ਲਈ' ਦਾ ਨਾਅਰਾ ਦਿੱਤਾ ਗਿਆ ਹੈ ਅਤੇ ਇਲਾਕੇ ਦੇ ਵਿਕਾਸ ਅਤੇ ਮੁਸ਼ਕਲਾਂ ਇਸ ਮੰਚ ਦੇ ਮੁੱਖ ਏਜੰਡੇ ਹੋਣਗੇ। ਉਨ੍ਹਾਂ ਦੱਸਿਆ ਕਿ ਹਰ ਵਿਭਾਗ ਦੇ ਮੁਖੀਆਂ ਨਾਲ ਰਾਬਤਾ ਕਰਦਿਆਂ 'ਮੁਸ਼ਕਲਾਂ ਧੂਰੀ ਦੀਆਂ' ਦੀਆਂ ਸਾਂਝਾ ਵਟੱਸਐਪ ਗਰੁੱਪ ਬਣਾਇਆ ਗਿਆ ਹੈ, ਜਿਸ ਵਿੱਚ ਵੱਖ ਵੱਖ ਲੋਕਾਂ ਦੀਆਂ ਮੰਗਾਂ ਤੇ ਮੁਸ਼ਕਲਾਂ ਦਾ ਸਮਾਂਬੱਧ ਨਿਪਟਾਰਾ ਕਰਵਾਉਣ ਦਾ ਉਪਰਾਲਾ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਸ਼ਹਿਰ ਦੇ ਹਰ ਵਾਰਡ ਅਤੇ ਹਰ ਪਿੰਡ ਵਿੱਚੋਂ ਵਲੰਟੀਅਰ ਇਸ ਮੰਚ ਵਿੱਚ ਬਤੌਰ ਵਲੰਟੀਅਰ ਸ਼ਾਮਲ ਕੀਤੇ ਜਾਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਅਗਰਵਾਲ ਪੀਰਖਾਨਾ ਨਿਗਾਹੇ ਦੇ ਲੰਗਰ ਹਾਲ ਦਾ ਲੈਂਟਰ ਪਾਇਆ



**ਤਲਵੰਡੀ ਸਾਬੋ, 05 ਫਰਵਰੀ (ਗੁਰਜੰਟ ਸਿੰਘ ਨਥੇਹਾ)**-ਤਲਵੰਡੀ ਸਾਬੋ ਦੇ ਨੇੜਲੇ ਪਿੰਡ ਜਗਾ ਰਾਮ ਤੀਰਥ ਦੇ ਅਗਰਵਾਲ ਪੀਰਖਾਨਾ ਨਿਗਾਹਾ ਵਿਖੇ ਅੱਜ ਲੰਗਰ ਹਾਲ ਦਾ ਲੈਂਟਰ ਪਾਇਆ ਗਿਆ। ਗੱਲਬਾਤ ਕਰਦਿਆਂ ਗੱਦੀਨਸ਼ੀਨ ਪ੍ਰੇਮ ਕੁਮਾਰ ਨੇ ਦੱਸਿਆ ਕਿ ਇਹ ਲੈਂਟਰ ਬਾਬੇ ਦੇ ਭਗਤਾਂ ਦੇ ਸਹਿਯੋਗ ਅਤੇ ਕਮੇਟੀ ਦੀ ਦੇਖਰੇਖ ਹੇਠ ਪਾਇਆ ਗਿਆ ਹੈ ਜਿਸ ਦਾ ਏਰੀਆ 5300 ਫੁੱਟ ਹੈ ਅੱਜ ਵੱਡੀ ਗਿਣਤੀ ਵਿੱਚ ਬਾਬੇ ਦੇ ਸ਼ਰਧਾਲੂ ਅਤੇ ਕਮੇਟੀ ਮੈਂਬਰਾਂ ਨੇ ਇਸ ਸਮੇਂ ਬਾਬੇ ਦੀ ਸੇਵਾ ਵਿੱਚ ਹਿੱਸਾ ਪਾਇਆ ਉਹਨਾਂ ਦੱਸਿਆ ਕਿ ਇੱਥੇ ਵੱਡੀ ਗਿਣਤੀ ਵਿੱਚ ਹਰ ਵੀਰਵਾਰ ਲੋਕ ਬਾਬੇ ਦੇ ਨਗਾਹੇ ਤੇ ਮੱਥਾ ਟੇਕਣ ਨਤਮਸਤਕ ਹੋਣ ਲਈ ਆਉਂਦੇ ਹਨ ਜਿਸ ਕਰਕੇ ਸੰਗਤਾਂ ਲਈ ਲੰਗਰਾਂ ਦੇ ਪ੍ਰਬੰਧ ਕਮੇਟੀ ਵੱਲੋਂ ਕੀਤੇ ਜਾਂਦੇ ਹਨ। ਇਸ ਲਈ ਲੰਗਰ ਹਾਲ ਦੀ ਬਹੁਤ ਜਰੂਰਤ ਸੀ ਜੋ ਪਹਿਲਾਂ ਸੀ ਉਹ ਛੋਟਾ ਸੀ ਇਸ ਲਈ ਨਾਲ ਇੱਕ ਵੱਡਾ ਹੋਰ ਲੰਗਰ ਹਾਲ ਬਣਾਇਆ ਗਿਆ ਹੈ ਤਾਂ ਕਿ ਤਾਂ ਕਿ ਬਾਬੇ ਦੇ ਭਗਤਾਂ ਨੂੰ ਲੰਗਰ ਛਕਾਉਣ ਸਮੇਂ ਕੋਈ ਦਿੱਕਤ ਨਾ ਆਵੇ ਉਹਨਾਂ ਨੇ ਪੀਰ ਲੱਖ ਦਾਤਾ ਸਾਹਿਬ ਦੇ ਭਗਤਾਂ ਨੂੰ ਅਪੀਲ ਕੀਤੀ ਹੈ ਕਿ ਉਹ ਵੱਧ ਤੋਂ ਵੱਧ ਇਸ ਲੰਗਰ ਹਾਲ ਵਿੱਚ ਆਪਣਾ ਹਿੱਸਾ ਪਾਉਣ ਤਾਂ ਕਿ ਤਾਂ ਕਿ ਇਸ ਦੀ ਮੁਰੰਮਤ ਜਲਦੀ ਤੋਂ ਜਲਦੀ ਕੀਤੀ ਜਾਵੇ। ਇਸ ਸਮੇਂ ਕਮੇਟੀ ਮੈਂਬਰ ਅੰਮ੍ਰਿਤਪਾਲ ਖਜਾਨਚੀ, ਬਾਬਾ ਸਤਪਾਲ ਜੀ, ਬਾਬਾ ਸੋਮਨਾਥ ਸੈਕਟਰੀ, ਸੁਭਾਸ਼ ਤਲਵੰਡੀ ਸਾਬੋ, ਰਾਮ ਜਿੰਦਲ, ਮੋਹਨ ਬਾਬਾ ਰਕੇਸ਼ ਕੁਮਾਰ ਤਲਵੰਡੀ ਸਾਬੋ, ਬੰਟੀ ਮਾਨਸਾ, ਬਠਿੰਡੇ ਵਾਲਾ ਵੀਰ, ਸੰਜੂ ਕੁਮਾਰ ਜੀ, ਅਸ਼ੋਕ ਕੁਮਾਰ ਪੱਪੀ, ਬਾਬਾ ਪੀਰਦਾਨ ਅਤੇ ਬਾਬਾ ਗੰਡਾ ਸਿੰਘ ਚਹਿਲ ਅਤੇ ਬਹੁਤ ਸਾਰੀ ਸੰਗਤ ਮੌਜੂਦ ਸੀ।

ਆਵਾਜ਼ਿ ਕੌਮ AWAZE QAUM International Newspaper & WEB TV



ਧੰਨ ਧੰਨ ਮਾਤਾ ਗੁਜ਼ਰ ਕੌਰ ਜੀ ਦੀ 400 ਸਾਲਾ ਜਨਮ ਸ਼ਤਾਬਦੀ ਨੂੰ ਸਮਰਪਿਤ
ਸਲਾਨਾ ਗੁਰਮਤਿ ਸਮਾਗਮ
21 ਲੋੜਵੰਦ ਪ੍ਰੀਵਾਰਾਂ ਦੀਆਂ ਲੜਕੀਆਂ ਦੇ ਵਿਆਹ
ਸਥਾਨ - ਗੁਰਦੁਆਰਾ ਸ਼੍ਰੀ ਗੁਰੂ ਗ੍ਰੰਥਸਰ ਦਾਦੂ ਸਾਹਿਬ ਨੇੜੇ ਕਾਲਾਂਵਾਲੀ ਮੰਡੀ, ਜ਼ਿਲ੍ਹਾ ਸਿਰਸਾ (ਹਰਿਆਣਾ) ਵਿਖੇ
ਮਹਾਨ ਨਗਰ ਕੀਰਤਨ
ਮਿਤੀ 22 ਫਰਵਰੀ 2025
ਸਵੇਰੇ 10 ਤੋਂ ਸ਼ਾਮ 5 ਵਜੇ ਤੱਕ
ਅਨੰਦ ਕਾਰਜ ਅਤੇ ਗੁਰਮਤਿ ਸਮਾਗਮ
ਮਿਤੀ 23 ਫਰਵਰੀ 2025
ਸਵੇਰੇ 10 ਤੋਂ ਦੁਪਹਿਰ 3 ਵਜੇ ਤੱਕ
LIVE ON
Akaal
CHARDIKLA TIME TV
Mr. Singh Production
ਆਵਾਜ਼ਿ ਕੌਮ AWAZE QAUM TV
YouTube
Jathedar Baljit Singh Khalsa Daduwal
ਪ੍ਰਸਿੱਧ ਸਮਾਜਸੇਵੀ ਹਰਵਿੰਦਰ ਸਿੰਘ ਹੈਰੀ ਘੁਮਾਣ USA, ਸ੍ਰੀ ਗੌਰਵ ਧੀਮਾਨ ਰਾਜਪੁਰਾ, ਅਟਾਰਨੀ ਸ਼ੁਬੇਗ ਸਿੰਘ ਮੁਲਤਾਨੀ USA, ਸ. ਸੁਖਦੀਪ ਸਿੰਘ ਓਬਰਾਏ ਚੰਡੀਗੜ, ਜਥੇਦਾਰ ਚਰਨ ਸਿੰਘ ਪ੍ਰੇਮਪੁਰਾ USA, ਪਦਮ ਸ੍ਰੀ ਜਗਜੀਤ ਸਿੰਘ ਦਰਦੀ ਚੜਦੀਕਲਾ ਗਰੁੱਪ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ ।
ਹਰ ਸਾਲ ਦੀ ਤਰਾਂ ਬੱਚੀਆਂ ਨੂੰ ਘਰ ਦੇ ਵਰਤੋਂ ਵਿਹਾਰ ਦਾ ਲੋੜੀਂਦਾ ਸਾਜੋ ਸਮਾਨ ਦੇ ਕੇ ਵਿਦਾ ਕੀਤਾ ਜਾਵੇਗਾ
ਨੋਟ: ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਸੰਪਰਕ ਨੰ: 93560-60960, 93560-60953
ਬੇਨਤੀ ਕਰਤਾ -
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਸੁੱਖ ਸੇਵਾ ਸਿਮਰਨ ਟਰਸੱਟ
ਚੇਅਰਮੈਨ,ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਆਜ਼ਾਦ ਅਤੇ ਸਮੂੰਹ ਸਾਧ ਸੰਗਤ




ੴ ਸ੍ਰੀ ਵਾਹਿਗੁਰੂ ਜੀ ਕੀ ਫਤਿਹ
ਟਿਕਾਣਾ ਭਾਈ ਜਗਤਾ ਜੀ ਸਾਹਿਬ ਗੋਨਿਆਣਾ ਮੰਡੀ (ਬਠਿੰਡਾ)
100 ਸਾਲਾ ਜਨਮ ਦਿਹਾੜਾ ਸ਼ਤਾਬਦੀ
ਮਿਤੀ 12 ਫਰਵਰੀ 2025
ਲੋੜਵੰਦ ਲੜਕੀਆਂ ਦੇ ਆਨੰਦ ਕਾਰਜ ਅਤੇ ਮਹਾਨ ਕੀਰਤਨ ਦਰਬਾਰ ਤੇ ਸੰਤ ਸਮਾਗਮ
ਮਿਤੀ 10 ਫਰਵਰੀ 2025 ਦਿਨ ਸੋਮਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਸਵੇਰੇ 9 ਵਜੇ ਹੋਵੇਗੀ।
ਮਿਤੀ 11 ਫਰਵਰੀ 2025 ਦਿਨ ਮੰਗਲਵਾਰ ਨੂੰ ਮਹਾਨ ਕੀਰਤਨ ਦਰਬਾਰ ਰਾਤ ਦੇ ਦੀਵਾਨ ਸਮਾਂ ਸ਼ਾਮ 6 ਵਜੇ ਤੋਂ 10.30 ਤੱਕ ਭਾਈ ਆਸਾ ਸਿੰਘ ਗਰਲਜ਼ ਕਾਲਜ ਵਿਖੇ ਹੋਣਗੇ।
ਸੱਚਖੰਡਵਾਸੀ ਸ੍ਰੀਮਾਨ 108 ਮਹੰਤ ਤੀਰਥ ਸਿੰਘ ਜੀ (ਸੇਵਾਪੰਥੀ)
ਮਿਤੀ 12 ਫਰਵਰੀ 2025 ਦਿਨ ਬੁੱਧਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ ਸਮਾਪਤੀ ਸਵੇਰੇ 10 ਵਜੇ ਟਿਕਾਣਾ ਸਾਹਿਬ ਵਿਖੇ ਹੋਵੇਗੀ
ਮਿਤੀ 12 ਫਰਵਰੀ 2025 ਦਿਨ ਬੁੱਧਵਾਰ ਨੂੰ ਲੋੜਵੰਦ ਲੜਕੀਆਂ ਦੇ ਆਨੰਦ ਕਾਰਜ ਅਤੇ ਸੰਤ ਸਮਾਗਮ ਭਾਈ ਆਸਾ ਸਿੰਘ ਗਰਲਜ਼ ਕਾਲਜ ਵਿਖੇ ਹੋਣਗੇ।
ਸਥਾਨ: ਮਹੰਤ ਤੀਰਥ ਸਿੰਘ ਸੇਵਾ ਪੰਥੀ ਜੀ ਦੇ ਯਾਦਗਾਰ ਅਸਥਾਨ ਭਾਈ ਆਸਾ ਸਿੰਘ ਗਰਲਜ਼ ਕਾਲਜ ਗੋਨਿਆਣਾ ਬਠਿੰਡਾ (ਪੰਜਾਬ)
ਭਾਈ ਜੋਗਿੰਦਰ ਸਿੰਘ ਜੀ (ਰਿਆੜ)
ਭਾਈ ਲਖਵਿੰਦਰ ਸਿੰਘ ਜੀ
ਸ੍ਰੀ ਹਜੂਰ ਬਾਬਾ ਸਰਬਜੋਤ ਸਿੰਘ ਜੀ ਬੇਦੀ
ਜਥੇਦਾਰ ਬਲਜੀਤ ਸਿੰਘ ਜੀ ਦਾਦੂਵਾਲ
LIVE
Mr. Singh Production
ਭਾਈ ਸਰਬਜੀਤ ਸਿੰਘ ਜੀ (ਪਟਨਾ ਸਾਹਿਬ ਵਾਲੇ)
ਭਾਈ ਗੁਰਸੇਵਕ ਸਿੰਘ ਜੀ ਰੰਗੀਲਾ
ਸੰਤ ਰਣਜੀਤ ਸਿੰਘ ਜੀ
ਨਾਮ ਸਿਮਰਨ ਅਭਿਆਸ 11 ਅਤੇ 12 ਫਰਵਰੀ 2025 ਸਵੇਰੇ 06:00 ਵਜੇ ਤੋਂ 07:00 ਵਜੇ ਤੱਕ
ਸੰਤ ਗਗਨਦੀਪ ਸਿੰਘ ਜੀ
ਸਮੂਹ ਸਾਧ ਸੰਗਤ ਇਸ ਸਮਾਗਮ ਵਿੱਚ ਹਾਜਰੀ ਲਵਾਕੇ ਆਪਣਾ ਜੀਵਨ ਸਫਲਾ ਕਰੋ ਜੀ।
ਮਿਤੀ: 12 ਫਰਵਰੀ ਨੂੰ ਅੱਖਾਂ ਦਾ ਫਰੀ ਚੈਕਅੱਪ ਅਤੇ ਅਪ੍ਰੇਸ਼ਨ ਕੈਂਪ ਲਗਾਇਆ ਜਾਵੇਗਾ
ਸਥਾਨ: ਭਾਈ ਆਸਾ ਸਿੰਘ ਗਰਲਜ ਕਾਲਜ ਗੋਨਿਆਣਾ ਮੰਡੀ (ਬਠਿੰਡਾ)
ਸਟੇਜ ਦੀ ਸੇਵਾ: ਸੰਤ ਹਰਵਿੰਦਰ ਸਿੰਘ ਜੀ (ਟੀਟੂ) ਕਰਨਗੇ।
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:
98140-04503, 98140-35191
ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਸੰਤ ਜਗਜੀਤ ਸਿੰਘ ਜੀ
ਸਾਧ ਸੰਗਤ ਦੇ ਦਾਸ (ਮਹੰਤ) ਭਾਈ ਕਾਹਨ ਸਿੰਘ ਜੀ 'ਸੇਵਾ ਪੰਥੀ'
ਡਿਜਾਇਨ ਮਾਹੀ ਫਲੈਕਸ ਗੋਨਿਆਣਾ 99886-82100

ਆਵਾਜ਼ਿ ਕੌਮ AWAZE QAUM

## ਇੰਟਰਨੈਸ਼ਨਲ ਪੰਥਕ ਦਲ ਦੇ ਸਮੁੱਚੇ ਜਥੇ ਵੱਲੋਂ ਸ੍ਰੀ ਦਰਬਾਰ ਸਾਹਿਬ ਵਿਖੇ ਲੰਗਰ ਸੇਵਾ ਵਿੱਚ ਕੀਤੀ ਸ਼ਮੂਲੀਅਤ

# ਲੰਗਰ ਦੀ ਸੇਵਾ ਸਿੱਖ ਪੰਥ ਅੰਦਰ ਬਹੁਤ ਵੱਡੀ ਮਹਾਨਤਾ ਰੱਖਦੀ ਹੈ -ਸਿੰਘ ਸਾਹਿਬ

## ਅਗਲੀ ਲੰਗਰ ਸੇਵਾ 5 ਮਾਰਚ ਦਿਨ ਬੁੱਧਵਾਰ ਨੂੰ



**ਅੰਮ੍ਰਿਤਸਰ, 5 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਨੇ ਸੰਗਤਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੀ ਜ਼ਿੰਦਗੀ ਦਾ ਵੱਧ ਤੋਂ ਵੱਧ ਸਮਾਂ ਸੇਵਾ ਅਤੇ ਸਿਮਰਨ ਵਿੱਚ ਬਤੀਤ ਕਰਨਾ ਯਕੀਨੀ ਬਣਾਉਣ। ਸਿੰਘ ਸਾਹਿਬ ਵੱਲੋਂ ਸ੍ਰੀ ਦਰਬਾਰ ਸਾਹਿਬ

ਆਵਾਜ਼ਿ ਕੌਮ AWAZE QAUM International Newspaper & WEB TV

ਵਿਖੇ ਚੱਲ ਰਹੇ ਲੰਗਰਾਂ ਵਿੱਚ ਆਪਣੇ ਵੱਲੋਂ ਅਤੇ ਇੰਟਰਨੈਸ਼ਨਲ ਪੰਥਕ ਦਲ ਸਮੇਤ ਹੋਰ ਵੱਡੀ ਗਿਣਤੀ ਵਿੱਚ ਸੰਗਤਾਂ ਨੂੰ ਨਾਲ ਲੈ ਕੇ ਹਰੇਕ ਮਹੀਨੇ ਸੇਵਾ ਨਿਭਾਈ ਜਾਂਦੀ ਹੈ ਗੁਰੂ ਰਾਮਦਾਸ ਸਾਹਿਬ ਜੀ ਦੇ ਲੰਗਰਾਂ ਵਿੱਚ ਲੱਖਾਂ ਸ਼ਰਧਾਲੂ ਲੰਗਰ ਛਕਦੇ ਹਨ ,ਉਨ੍ਹਾਂ ਸਿੱਖ ਕੌਮ ਦੀ ਚੜ੍ਹਦੀ ਕਲਾ ਲਈ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੂੰ ਰੋਜਾਨਾ ਦੇ ਨਿੱਤਨੇਮ ਤੋਂ ਇਲਾਵਾ ਇੱਕ ਜਪੁਜੀ ਸਾਹਿਬ ਜੀ ਦਾ ਪਾਠ ਵਾਧੂ ਕਰਨਾ ਯਕੀਨੀ ਬਣਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਨਾਮ ਬਾਣੀ ਦੇ ਜਾਪ ਨਾਲ ਹੀ ਪੰਥ ਦੀ ਚੜ੍ਹਦੀ ਕਲਾ ਹੋਵੇਗੀ ਸਿੰਘ ਸਾਹਿਬ ਨੇ ਕਿਹਾ ਕਿ ਅਸੀਂ ਵਡਭਾਗੇ ਹਾਂ ਕਿ ਸਾਨੂੰ ਛੇਤੀ-ਛੇਤੀ ਇਸ ਸੇਵਾ ਅਤੇ ਸ੍ਰੀ ਦਰਬਾਰ ਸਾਹਿਬ ਦੇ ਦਰਸ਼ਨਾਂ ਤੇ ਇਸ਼ਨਾਨ ਦਾ ਮੌਕਾ ਮਿਲਦਾ ਹੈ। ਉਨ੍ਹਾਂ ਕਿਹਾ ਕਿ ਵਿਦੇਸ਼ਾਂ ਵਿੱਚ ਬੈਠੇ ਲੋਕ ਇਸ ਸਥਾਨ 'ਤੇ ਆਉਣ ਲਈ ਤਰਸ ਰਹੇ ਹਨ ਅਤੇ ਉਹ ਰੋਜ਼ਾਨਾ ਅਕਾਲ ਪੁਰਖ ਅੱਗੇ ਅਰਦਾਸਾਂ ਬੇਨਤੀਆਂ ਕਰਦੇ ਹਨ ਕਿ ਉਨ੍ਹਾਂ ਨੂੰ ਸ੍ਰੀ ਦਰਬਾਰ ਸਾਹਿਬ ਆਉਣ ਦਾ ਸੁਭਾਗਾ ਸਮਾਂ ਪ੍ਰਾਪਤ ਹੋਵੇ।

ਸਿੰਘ ਸਾਹਿਬ ਨੇ ਇਹ ਵੀ ਦੱਸਿਆ ਕਿ ਇੰਟਰਨੈਸ਼ਨਲ ਪੰਥਕ ਦਲ ਅਤੇ ਹੋਰ ਸੰਗਤਾਂ ਵੱਲੋਂ ਲੰਗਰ ਸੇਵਾ ਵਿੱਚ ਅਗਲੀ ਸ਼ਮੂਲੀਅਤ 5 ਮਾਰਚ ਦਿਨ ਬੁੱਧਵਾਰ ਨੂੰ ਕੀਤੀ ਜਾਵੇਗੀ। ਉਨ੍ਹਾਂ ਇੰਟਰਨੈਸ਼ਨਲ ਪੰਥਕ ਦਲ ਦੇ ਸਮੂਹ ਅਹੁਦੇਦਾਰਾਂ, ਵਰਕਰਾਂ ਨੂੰ ਇਸ ਲੰਗਰ ਸੇਵਾ ਵਿੱਚ ਵੱਧ ਚੜ੍ਹ ਕੇ ਸ਼ਾਮਲ ਹੋਣ ਦੀ ਅਪੀਲ ਕੀਤੀ। ਇਸ ਸਮੇਂ ਸਿੰਘ ਸਾਹਿਬ ਨਾਲ ਇੰਟਰਨੈਸ਼ਨਲ ਪੰਥਕ ਦਲ ਦੇ ਕਨਵੀਨਰ ਜਥੇਦਾਰ ਦਲ਼ੀਪ ਸਿੰਘ ਚਕਰ,ਕਾਰਜਕਾਰੀ ਪ੍ਰਧਾਨ ਬਾਬਾ ਜਤਿੰਦਰ ਸਿੰਘ ਗੋਬਿੰਦ ਬਾਗ ਵਾਲੇ, ਪਾਰਟੀ ਦੇ ਮੁੱਖ ਬੁਲਾਰੇ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਦਮਦਮੀ ਟਕਸਾਲ ਭਿੰਡਰਾਂਵਾਲੇ, ਭਾਈ ਜਗਤਾਰ ਸਿੰਘ ਰੋਡੇ ,ਭਾਈ ਹਰਦਿਆਲ ਸਿੰਘ ਰੋਡੇ,ਜਥੇਦਾਰ ਸਵਰਨਜੀਤ ਸਿੰਘ ਮੁਖੀ ਮਿਸਲ ਸ਼ਹੀਦਾਂ ਤਰਨਾ ਦਲ ਦੁਆਬਾ ਜਥੇਦਾਰ ਹਰਕ੍ਰਿਸ਼ਨ ਸਿੰਘ ਜਗਰਾਵਾਂ,ਜਥੇਦਾਰ ਰਾਜਿੰਦਰ ਸਿੰਘ ਰਾਜਾ,ਗੁਰਦਾਸਪੁਰ, ਰਣਜੀਤ ਸਿੰਘ ਸੰਗਰੂਰ,ਅਤੇ ਹੋਰ ਸੰਗਤਾਂ ਭਾਰੀ ਗਿਣਤੀ ਵਿੱਚ ਹਾਜਰ ਸਨ।

## ਅਮਰੀਕਾ 'ਚ ਫੜੇ ਗਏ ਏਸ਼ੀਆਈ ਗੈਰ-ਕਾਨੂੰਨੀ ਪ੍ਰਵਾਸੀਆਂ ਦੀ ਸੂਚੀ 'ਚ ਭਾਰਤੀ ਸਿਖਰ 'ਤੇ

# ਲੱਖਾਂ ਭਾਰਤੀਆਂ ਵੱਲੋਂ ਯੂ ਐਨ ਓ ਕੋਲ ਖਾਲਿਸਤਾਨ ਦੇਸ ਨਾਮ ਤੇ ਪੋਲੀਟਿਕਲ ਸ਼ਰਨ ਲੈਣ ਦੀ ਸੰਭਾਵਨਾ

## ਮੈਕਸੀਕੋ 4.81 ਮਿਲੀਅਨ ਗੈਰ-ਕਾਨੂੰਨੀ ਪ੍ਰਵਾਸੀਆਂ ਦੇ ਨਾਲ ਸਭ ਤੋਂ ਉੱਪਰ



**ਨਿਊਯਾਰਕ, 5 ਫਰਵਰੀ (ਸਰਬਜੀਤ ਸਿੰਘ ਬਨੂੜ)**-ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਅਮਰੀਕਾ ਵਿੱਚ ਗੈਰ-ਕਾਨੂੰਨੀ ਪ੍ਰਵਾਸੀਆਂ ਦੇ ਦਾਖਲੇ ਨੂੰ ਤੁਰੰਤ ਰੋਕਣ ਅਤੇ ਲੱਖਾਂ ਲੋਕਾਂ ਨੂੰ ਉਨ੍ਹਾਂ ਦੇ ਮੂਲ ਦੇਸ਼ਾਂ ਵਿੱਚ ਵਾਪਸ ਭੇਜਣ ਦੀ ਪ੍ਰਕਿਰਿਆ ਸ਼ੁਰੂ ਹੋਣ ਤੇ ਏਜੰਟਾਂ ਨੂੰ ਭਾਰਤ ਤੋਂ ਲੱਖਾਂ ਰੁਪਏ ਖਰਚ ਕਰਕੇ ਮੈਕਸੀਕੋ ਸਰਹੱਦ ਰਾਹੀਂ ਅਮਰੀਕਾ ਦਾਖਲ ਹੋਏ ਲੱਖਾਂ ਭਾਰਤੀਆਂ ਦੇ ਭਵਿੱਖ ਤੇ ਪ੍ਰਸ਼ਨ ਚਿੰਨ ਲੱਗ ਗਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਭਾਰਤ ਤੋਂ ਚੰਗੇ ਭਵਿੱਖ ਦਾ ਸੁਪਨਾ ਲੈ ਕੇ ਅਮਰੀਕਾ ਡਾਲਰ ਕਮਾਉਣ ਗਏ ਭਾਰਤੀਆਂ ਲਈ ਅਮਰੀਕਾ ਵਿੱਚ ਰਹਿਣ ਲਈ ਤੇ ਡਿਪੋਰਟ ਹੋਣ ਤੋਂ ਬਚਣ ਲਈ ਇੱਕ ਹੀ ਰਸਤਾ ਬਚਿਆ ਹੈ ਉਹ ਹੈ ਭਾਰਤ ਵਿੱਚ ਪੁਲਸ ਤੇ ਕੱਟੜਪੰਥੀ ਰਾਜਨੀਤਿਕ ਨੇਤਾਵਾਂ ਤੋਂ ਆਪਣੀ ਜਾਨ ਨੂੰ ਖ਼ਤਰਾ ਦੱਸ ਯੂ ਐਨ ਓ ਕੋਲ ਰਾਜਸੀ ਸ਼ਰਨ ਲੈਣ ਦਾ, ਤੇ ਅਮਰੀਕਾ ਵਿੱਚ ਸਿਰਫ਼ ਖਾਲਿਸਤਾਨ ਦੇ ਨਾਮ ਤੇ ਰਾਜਸੀ ਸ਼ਰਨ ਦੇ ਕੇਸ ਪਾਸ ਹੋਣ ਤੋ ਇਨਕਾਰ ਨਹੀਂ ਕੀਤਾ ਜਾ ਸਕਦਾ।

ਦੁਨੀਆਂ ਤੇ ਏਸ਼ੀਆ ਵਿੱਚ ਆਪਣੀ ਵੱਖਰੀ ਪਹਿਚਾਣ ਬਣਾ ਚੁੱਕੇ ਭਾਰਤ ਦੇ ਲੱਖਾਂ ਲੋਕ ਜੇਕਰ ਰਾਜਸੀ ਸ਼ਰਨ ਲੈਣ ਵਾਲਿਆਂ ਦੇ ਕੇਸ ਪਾਸ ਹੋ ਗਏ ਇਸ ਤਰਾ ਉਹ ਲੋਕ ਕਦੇ ਵੀ ਭਾਰਤ ਵਿੱਚ ਦਾਖ਼ਲ ਨਹੀਂ ਹੋ ਸਕਣਗੇ ਪਰੰਤੂ ਇਕ ਕਾਲਾ ਧੱਬਾ ਲੋਕਤੰਤਰ ਦੇਸ਼ ਤੇ ਲੱਗ ਜਾਵੇਗਾ ਜਿੱਥੇ ਲੱਖਾਂ ਲੋਕਾਂ ਨੇ ਭਾਰਤ ਵਿੱਚ ਆਪਣੀ ਜਾਨ ਨੂੰ ਖਤਰਾ ਦੱਸ ਖਾਲਿਸਤਾਨ ਦੇ ਨਾਮ ਤੇ ਰਾਜਸੀ ਸ਼ਰਨ ਮੰਗੀ ਹੋਵੇ। ਇੱਕ ਸਰਕਾਰੀ ਅੰਕੜਿਆਂ ਮੁਤਾਬਕ 7 ਲੱਖ ਤੋਂ ਉੱਪਰ ਭਾਰਤੀਆਂ ਨੇ ਗੈ.ਰਕਾਨੂੰਨੀ ਤਰੀਕੇ ਨਾਲ ਅਮਰੀਕਾ ਵਿੱਚ ਦਾਖਲ ਹੋਣ ਦੀ ਕੋਸ਼ਿਸ਼ ਕੀਤੀ ਗਈ ਤੇ ਵੱਖ ਵੱਖ ਥਾਂਵਾਂ ਤੇ ਫੜੇ ਗਏ। ਵਿੱਤੀ ਸਾਲ 2024 ਵਿੱਚ ਅਮਰੀਕੀ ਸਰਹੱਦੀ ਗਸ਼ਤੀ ਅਧਿਕਾਰੀਆਂ ਦੁਆਰਾ ਆਈਆਂ ਸਾਰੀਆਂ ਗੈਰ-ਕਾਨੂੰਨੀ ਕ੍ਰਾਸਿੰਗਾਂ ਵਿੱਚੋਂ ਸਿਰਫ਼ 3% ਭਾਰਤੀ ਸਨ

ਪਰ ਪਿਛਲੇ ਦੋ ਸਾਲਾਂ ਵਿੱਚ ਭਾਰਤ ਤੋਂ ਅਮਰੀਕਾ ਵਿੱਚ ਗੈਰ-ਕਾਨੂੰਨੀ ਪ੍ਰਵਾਸ ਵਿੱਚ ਤੇਜ਼ੀ ਨਾਲ ਵਾਧਾ ਹੋਇਆ ਹੈ, ਖਾਸ ਕਰਕੇ ਇਸਦੀ ਘੱਟ ਤਸਕਰੀ ਵਾਲੀ ਉੱਤਰੀ ਸਰਹੱਦ ਤੋਂ। ਸੂਤਰਾਂ ਮੁਤਾਬਕ ਗੈ.ਰਕਾਨੂੰਨੀ ਮੈਕਸੀਕੋ ਫੜੇ ਗਏ ਵਿਅਕਤੀਆਂ ਵਿੱਚ ਬਹੁਤਾਤ ਔਰਤਾਂ, ਬੱਚੇ ਏਜੰਟਾਂ ਨੂੰ ਮੋਟੀਆਂ ਰਕਮਾਂ ਦੇ ਕੇ ਪੰਜਾਬ, ਗੁਜਰਾਤ, ਹਰਿਆਣਾ, ਦਿੱਲੀ ਤੋਂ ਉਚੇਰੀ ਵਿੱਦਿਆ ਹਾਸਲ ਕਰਨ ਲਈ ਯੂਰਪ ਤੇ ਇੰਗਲੈਂਡ ਵਰਗੇ ਮੁਲਕਾਂ ਵਿੱਚ ਦਾਖਲਾ ਲੈ ਕੇ ਆਏ ਤੇ ਵਿਦਿਆਰਥੀਆਂ ਨੂੰ ਮੈਕਸੀਕੋ ਐਂਟਰੀ ਹੋਣ ਤੇ ਏਜੰਟਾਂ ਵੱਲੋਂ ਮੋਟੀਆਂ ਰਕਮਾਂ ਲੈ ਕੇ ਅਮਰੀਕਾ ਵਿੱਚ ਸਰਹੱਦ ਪਾਰ ਕਰਦੇ ਸ਼ੋਸਿਲ ਮੀਡਿਏ ਤੇ ਵਿਖਾਈ ਦਿੱਤੇ ਤੇ ਫੜੇ ਗਏ ਦੱਸੇ ਜਾਂਦੇ ਹਨ। ਸੂਤਰਾਂ ਮੁਤਾਬਕ ਭਾਰਤ ਵਿੱਚ ਏਜੰਟਾਂ ਵੱਲੋਂ ਵਿਦੇਸ਼ ਭੇਜੇ ਜਾਂਦੇ ਲੋਕਾਂ ਨੂੰ ਫੜੇ ਜਾਣ ਤੇ ਪੁਲਸ ਤੇ ਇਮੀਗ੍ਰੇਸ਼ਨ ਅਫਸਰਾਂ ਕੋਲ ਖਾਲਿਸਤਾਨੀ ਪੱਖੀ ਹੋਣ ਦੀ ਗੱਲ ਕਹਿ ਪੋਲਟੀਕਲ ਸ਼ਰਨ ਲੈਣ ਦੀ ਦੁਹਾਈ ਦਿੱਤੀ ਜਾਂਦੀ ਹੈ।

ਇਸ ਦੌਰਾਨ ਭਾਰਤ ਆਪਣੇ ਹੁਨਰਮੰਦ ਕਾਮਿਆਂ ਦੇ ਕਾਨੂੰਨੀ ਪਰਵਾਸ ਦੀ ਸੁਰੱਖਿਆ ਨੂੰ ਲੈ ਕੇ ਚਿੰਤਤ ਹੈ। 2022-23 ਵਿੱਚ, ਲਗਭਗ 320,000 ਵਰਕ ਵੀਜ਼ੇ ਜਾਂ 73% ਵਰਕ ਵੀਜ਼ੇ ਜੋ ਅਮਰੀਕਾ ਦੁਆਰਾ ਨਿਰਧਾਰਤ ਕੀਤੇ ਗਏ ਸਨ, ਜੋ ਭਾਰਤੀ ਡਾਇਸਪੋਰਾ ਮੈਂਬਰਾਂ ਲਈ ਸਨ। ਅਮਰੀਕਾ ਵਿੱਚ 13.3 ਮਿਲੀਅਨ ਗੈਰ-ਕਾਨੂੰਨੀ ਪ੍ਰਵਾਸੀ 18 ਸਾਲ ਤੋਂ ਘੱਟ ਉਮਰ ਦੇ ਹਨ। ਲਗਭਗ 4.4 ਮਿਲੀਅਨ ਯੂਐਸ ਵਿੱਚ ਜਨਮੇ ਬੱਚੇ ਇੱਕ ਅਣਅਧਿਕਾਰਤ ਪ੍ਰਵਾਸੀ ਮਾਤਾ-ਪਿਤਾ ਨਾਲ ਰਹਿੰਦੇ ਹਨ। DHS ਨੇ ਕਿਹਾ ਕਿ ਗੈਰ-ਕਾਨੂੰਨੀ ਪ੍ਰਵਾਸੀਆਂ ਵਿੱਚ ਤੇਜ਼ੀ ਨਾਲ ਗਿਰਾਵਟ ਆਈ ਹੈ। 2018 ਅਤੇ 2022 ਵਿਚਕਾਰ ਇਹ ਗਿਣਤੀ 220,000 ਸੀ। ਇਮੀਗ੍ਰੇਸ਼ਨ ਅਤੇ ਕਸਟਮਜ਼ ਇਨਫੋਰਸਮੈਂਟ ਨੇ 1,529 ਨੂੰ ਦੇਸ਼ ਨਿਕਾਲਾ ਦਿੱਤਾ ਜਿਨਾਂ ਵਿੱਚ ਜਿਆਦਾਤਰ ਲੋਕੀਂ ਗੈ.ਰਕਾਨੂੰਨੀ ਧੰਦਿਆਂ ਵਿੱਚ ਫਸੇ ਦੱਸੇ ਜਾ ਰਹੇ ਹਨ। 2024 ਵਿੱਚ ਅਮਰੀਕਾ ਨੇ 17,940 ਗੈਰ-ਕਾਨੂੰਨੀ ਪਛਾਣੇ ਭਾਰਤੀ ਪਰਵਾਸੀਆਂ ਨੂੰ ਘਰ ਵਾਪਸ ਭੇਜਣ ਦੀ ਯੋਜਨਾ ਬਣਾਈ ਗਈ ਅਤੇ ਇਨ੍ਹਾਂ ਵਿੱਚੋਂ, 2,647 ਭਾਰਤੀਆਂ ਨੂੰ ਹਿਰਾਸਤ ਵਿੱਚ ਲਿਆ ਗਿਆ ਸੀ।

# ਮਹੰਤਾਂ ਵਾਂਗ ਹੀ ਬਾਦਲਕੇ ਭਜਾਉਣ ਲਈ ਕੁਰਬਾਨੀਆਂ ਹੋਣਗੀਆਂ : ਭਾਈ ਰਣਜੀਤ ਸਿੰਘ

## ਸੁਖਬੀਰ ਸਿੰਘ ਬਾਦਲ ਦਾ ਮੁਥਾਜ ਨਹੀਂ ਹੈ ਸ਼੍ਰੋਮਣੀ ਅਕਾਲੀ ਦਲ : ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ

ਅੰਮ੍ਰਿਤਸਰ, 5 ਫਰਵਰੀ (ਆਵਾਜ਼ਿ ਕੌਮ ਬਿਊਰੋ)-ਸਿੱਖ ਪ੍ਰਚਾਰਕ, ਪੰਥਕ ਲੇਖਕ ਅਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਕੌਮੀ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਅਜੋਕੇ ਹਲਾਤਾਂ ਸੰਬੰਧੀ ਵਿਸ਼ੇਸ਼ ਗੱਲਬਾਤ ਕਰਦਿਆਂ ਕਿਹਾ ਕਿ ਬਾਦਲ ਦਲ ਦੀ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਅਯੋਗ ਗਰਦਾਨੀ ਲੀਡਰਸ਼ਿਪ ਮਰਿਆ ਸੱਪ ਹੈ, ਜੋ ਕੌਮ ਦੇ ਗਲੋਂ ਲਾਹੁਣ ਲਈ ਸਿੱਖ ਜਵਾਨੀ ਦੀਆਂ ਕੁਰਬਾਨੀਆਂ ਹੋਣਗੀਆ। ਗੁਰਦੁਆਰਾ ਸੁਧਾਰ ਲਹਿਰ ਵਰਗੀ ਕੋਈ ਲਹਿਰ ਹੀ ਇਸ ਪੰਥ ਦੋਖੀ ਲੀਡਰਸ਼ਿਪ ਤੋਂ ਖਹਿੜਾ ਛੁਡਾਵਾਊ। ਇਹ ਮਹੰਤਾਂ ਨਾਲੋਂ ਵੀ ਵੱਧ ਦੁਖੀ ਕਰਨਗੇ। ਮਹੰਤਾਂ ਤੋਂ ਸੌਖਾ ਖਹਿੜਾ ਛੁੱਟ ਗਿਆ ਸੀ। ਨਾ ਮਹੰਤ ਮੰਨੇ ਸੀ ਕਿ ਗਲਤ ਹਾਂ, ਨਾ ਇਹਨਾਂ ਨੇ ਮੰਨਣਾ ਕਿ ਗਲਤ ਹਾਂ। ਭਾਈ ਰਣਜੀਤ ਸਿੰਘ ਨੇ ਕਿਹਾ ਕਿ ਬਾਦਲਾਂ ਨੇ ਸ਼੍ਰੋਮਣੀ ਅਕਾਲੀ ਦਲ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਵੱਕਾਰ ਰੋਲ ਦਿੱਤਾ ਹੈ ਅਤੇ ਇਹਨਾਂ ਦੋਵਾਂ ਮਾਣਮੱਤੀ ਸੰਸਥਾਵਾਂ ਨੂੰ ਪੰਥ ਵਿਰੋਧੀ ਸੰਸਥਾਵਾਂ ਬਣਾ ਦਿੱਤਾ ਹੈ। ਕਾਂਗਰਸ, ਭਾਜਪਾ ਤੇ ਝਾੜੂ ਪਾਰਟੀ ਵਾਂਗ ਬਾਦਲ ਦਲ ਵੀ ਪੰਥ ਅਤੇ ਪੰਜਾਬ ਦਾ ਕੁਝ ਸੰਵਾਰ ਨਹੀਂ ਸਕਦਾ, ਉਲਟਾ ਇਹਨਾਂ ਪਾਰਟੀਆਂ ਨਾਲੋਂ ਵੀ ਵਧੇਰੇ ਨੁਕਸਾਨ ਕਰ ਰਿਹਾ ਹੈ। ਭਾਈ ਰਣਜੀਤ ਸਿੰਘ ਨੇ ਕਿਹਾ ਕਿ ਹਿੰਦੂ ਲੀਡਰ ਕਹਿ ਰਹੇ ਹਨ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵਿਕਾਸ ਅਤੇ ਵਿਰਾਸਤ ਦੋਵਾਂ ਨੂੰ ਅੱਗੇ ਵਧਾਇਆ ਹੈ। ਪਰ ਇੱਧਰ ਸਾਡੇ ਸਿੱਖ ਲੀਡਰਾਂ ਨੇ ਵਿਕਾਸ ਦੀ ਗੱਲ ਤਾਂ ਕੀਤੀ ਪਰ ਪੰਥ ਅਤੇ ਪੰਜਾਬ ਦੀ ਵਿਰਾਸਤ ਨੂੰ ਰੋਲ ਦਿੱਤਾ। ਮਰਹੂਮ ਪ੍ਰਕਾਸ਼ ਸਿੰਘ ਬਾਦਲ ਅਤੇ ਸੁਖਬੀਰ ਸਿੰਘ ਬਾਦਲ ਨੇ ਵਿਕਾਸ ਦੇ ਨਾਂ ਉੱਤੇ ਖ਼ਾਲਿਸਤਾਨ ਦੀ ਅਜ਼ਾਦੀ ਦਾ ਸੰਘਰਸ਼, ਅਨੰਦਪੁਰ ਦੇ ਮਤੇ ਦਾ ਸੰਘਰਸ਼, ਵੱਧ ਅਧਿਕਾਰਾਂ ਦੀ ਗੱਲ, ਸਿੱਖਾਂ ਦੀ ਵੱਖਰੀ ਪਛਾਣ ਦੀ ਗੱਲ ਨੂੰ ਵੀ ਵਿਸਾਰ ਦਿੱਤਾ। ਕਸ਼ਮੀਰ ਵਿੱਚ ਧਾਰਾ 370 ਟੁੱਟਣ ਦੀ ਹਮਾਇਤ ਕਰਨੀ ਸੁਖਬੀਰ ਸਿੰਘ ਬਾਦਲ ਦੀ ਇਤਿਹਾਸਕ ਗਲਤੀ ਸੀ, ਇਸ ਨਾਲ ਅਨੰਦਪੁਰ ਸਾਹਿਬ ਦੇ ਮਤੇ ਦਾ ਵੀ ਭੋਗ ਪੈ ਗਿਆ, ਖ਼ਾਲਿਸਤਾਨ ਦੇ ਗੱਲ ਤਾਂ ਇਹਨਾਂ ਲਈ ਬਹੁਤ ਦੂਰ ਸੀ। ਬਾਦਲਕਿਆਂ ਨੇ ਝੂਠੇ ਪੁਲਿਸ ਮੁਕਾਬਲਿਆਂ ਦਾ ਇਨਸਾਫ਼ ਤਾਂ ਕੀ ਦਿਵਾਉਣਾ ਸੀ, ਉਲਟਾ ਦੋਸ਼ੀ ਅਤੇ ਬੁੱਚੜ ਪੁਲਿਸ ਅਫਸਰਾਂ ਨੂੰ ਤਰੱਕੀਆਂ ਦੇ ਕੇ ਕਲੰਕ ਲਵਾ ਲਿਆ। ਜਥੇਦਾਰ ਭਾਈ ਗੁਰਦੇਵ ਸਿੰਘ ਕਾਉਂਕੇ, ਭਾਈ ਜਸਵੰਤ ਸਿੰਘ ਖਾਲੜਾ ਤੇ ਬਾਬਾ ਚਰਨ ਸਿੰਘ ਕਾਰ ਸੇਵਾ ਵਾਲਿਆਂ ਦੇ ਕੇਸ ਅਹਿਮ ਸਨ ਪਰ ਬਾਦਲਕਿਆਂ ਨੇ 1997 ਵਿੱਚ ਸਰਕਾਰ ਬਣਨ ਮਗਰੋਂ ਬੀਬੀ ਪਰਮਜੀਤ ਕੌਰ ਖਾਲੜਾ ਤੇ ਹੋਰ ਸਿੱਖ ਪਰਿਵਾਰਾਂ ਨੂੰ ਕਿਹਾ ਕਿ "ਛੱਡੋ ਜੀ, ਪੁਰਾਣੀਆਂ ਗੱਲਾਂ, ਹੁਣ ਤਾਂ ਵਿਕਾਸ ਦੀ ਗੱਲ ਕਰੋ।" ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਕਾਂਗਰਸ ਨੇ ਸਿੱਖ ਮਾਰੇ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਢਾਹਿਆ ਪਰ ਭਾਜਪਾ ਤੇ ਬਾਦਲਕਿਆਂ ਨੇ ਸਿੱਖੀ ਸਿਧਾਂਤ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਨੂੰ ਵੱਡੀ ਸੱਟ ਮਾਰੀ ਜਿਸ ਦੀ ਭਰਪਾਈ ਕਰਨੀ ਬਹੁਤ ਮੁਸ਼ਕਲ ਹੈ। ਉਹਨਾਂ ਕਿਹਾ ਕਿ ਬਾਦਲ ਦਲ ਦੇ ਸੋਹਿਲੇ ਗਾਉਣ ਵਾਲਿਆਂ ਨੂੰ ਭਵਿੱਖ ਵਿੱਚ ਸ਼ਰਮਸਾਰ ਹੋਣਾ ਪਵੇਗਾ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਇਹ ਵੀ ਕਿਹਾ ਸ਼੍ਰੋਮਣੀ ਅਕਾਲੀ ਦਲ ਜੋ ਸੁਖਬੀਰ ਸਿੰਘ ਬਾਦਲ ਦਾ ਮੁਥਾਜ ਨਹੀਂ ਹੈ। ਉਹਨਾਂ ਕਿਹਾ ਕਿ ਜਦੋਂ ਮਰਹੂਮ ਪ੍ਰਕਾਸ਼ ਸਿੰਘ ਬਾਦਲ ਤੇ ਸੁਖਬੀਰ ਬਾਦਲ ਨਹੀਂ ਸਨ ਓਦੋਂ ਅਕਾਲੀ ਦਲ ਪੂਰੇ ਜੋਬਨ ਉੱਤੇ ਪੰਥ ਅਤੇ ਪੰਜਾਬ ਦੇ ਹੱਕਾਂ ਲਈ ਸੰਘਰਸ਼ ਕਰ ਰਿਹਾ ਸੀ, ਜਦੋਂ ਹੁਣ ਵੀ ਸੁਖਬੀਰ ਸਿੰਘ ਬਾਦਲ ਨਹੀਂ ਹੋਵੇਗਾ ਉਦੋਂ ਵੀ ਅਕਾਲੀ ਦਲ ਦੀ ਹੋਂਦ ਬਰਕਰਾਰ ਰਹੇਗੀ ਤੇ ਸਿੱਖ ਆਪਣੇ ਗੁਰੂ ਸਾਹਿਬ ਵੱਲੋਂ ਬਖਸ਼ੇ ਸਿਧਾਂਤਾਂ ਉੱਤੇ ਪਹਿਰਾ ਦਿੰਦੇ ਰਹਿਣਗੇ, ਅਕਾਲ ਪੁਰਖ ਨੂੰ ਧਿਆਉਣ ਵਾਲਾ ਹਰ ਸਿੱਖ ਹੀ ਅਕਾਲੀ ਹੈ, ਇਸ ਪਾਰਟੀ ਦਾ ਮੈਂਬਰ ਬਣ ਕੇ ਵੋਟਾਂ ਲੜਨ ਵਾਲਾ ਹੀ ਅਕਾਲੀ ਨਹੀਂ ਹੁੰਦਾ। ਭਾਈ ਰਣਜੀਤ ਸਿੰਘ ਨੇ ਇਹ ਵੀ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੀ ਸਰਦਾਰ ਸਿਮਰਨਜੀਤ ਸਿੰਘ ਮਾਨ ਬਹੁਤ ਸੁਚੱਜੇ ਢੰਗ ਨਾਲ ਅਗਵਾਈ ਕਰ ਰਹੇ ਹਨ ਅਤੇ ਉਹ ਪੰਥਕ ਸਿਧਾਂਤਾਂ, ਪੰਜਾਬ ਦੀ ਖੁਸ਼ਹਾਲੀ, ਖ਼ਾਲਿਸਤਾਨ ਦੀ ਅਜ਼ਾਦੀ ਦੀ ਗੱਲ ਤੇ ਸੰਤ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦੀ ਸੋਚ 'ਤੇ ਡਟ ਕੇ ਪਹਿਰਾ ਦੇ ਰਹੇ ਹਨ। ਉਹਨਾਂ ਕਿਹਾ ਕਿ ਸਿਮਰਨਜੀਤ ਸਿੰਘ ਮਾਨ ਵਾਲਾ ਹੀ ਅਸਲ ਵਿੱਚ ਅਕਾਲੀ ਦਲ ਹੈ ਤੇ ਬਾਦਲਕਿਆਂ ਵਾਲਾ ਅਕਾਲੀ ਦਲ ਤਾਂ ਬੇਅਦਬੀ ਦਲ, ਸਿਰਸਾ ਦਲ ਤੇ ਬਈਆ ਦਲ ਬਣ ਚੁੱਕਾ ਹੈ।



ਆਵਾਜ਼ਿ ਕੌਮ AWAZE QAUM International Newspaper & WEB TV